ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 11 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੫ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

## ਜੰਤਰ ਮੰਤਰ ਨਹੀਂ ਪਹੁੰਚ ਸਕੇ ਪ੍ਰਦਰਸ਼ਨਕਾਰੀ

# ਵੱਡੇ ਆਗੂਆਂ ਸਮੇਤ 3000 ਤੋਂ ਵੱਧ ਲੋਕ ਹਿਰਾਸਤ ’ਚ



**ਨਵੀਂ ਦਿੱਲੀ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕਾਕਰੋਚ ਜਨਤਾ ਪਾਰਟੀ ਦੇ ਅੱਜ ਦੇ ਵਿਰੋਧ ਪ੍ਰਦਰਸ਼ਨ ਦੇ ਮੱਦੇਨਜ਼ਰ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਟ੍ਰੈਫਿਕ ਪੁਲਿਸ ਨੇ ਰਾਜਧਾਨੀ ਦਿੱਲੀ ਦੇ ਕਈ ਪ੍ਰਮੁੱਖ ਰਸਤਿਆਂ ਨੂੰ ਮੁੜ ਖੋਲ੍ਹ ਦਿੱਤਾ ਹੈ, ਜਿਨ੍ਹਾਂ ਨੂੰ ਪੁਲਿਸ ਨੇ ਬੰਦ ਕਰ ਦਿੱਤਾ ਸੀ ਅਤੇ ਡਾਇਵਰਟ ਕੀਤਾ ਸੀ। ਪੁਲਿਸ ਅਧਿਕਾਰੀਆਂ ਅਨੁਸਾਰ ਹੁਣ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ ਅਤੇ ਹੁਣ ਇਨ੍ਹਾਂ ਰਸਤਿਆਂ ’ਤੇ ਆਵਾਜਾਈ ਸੁਚਾਰੂ ਢੰਗ ਨਾਲ ਚੱਲ ਰਹੀ ਹੈ। ਦਿੱਲੀ ਟ੍ਰੈਫਿਕ ਪੁਲਿਸ ਨੇ ਯਾਤਰੀਆਂ ਨੂੰ ਆਪਣੀ ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ ਟ੍ਰੈਫਿਕ ਅਪਡੇਟਸ ਦੀ ਜਾਂਚ ਕਰਨ ਦੀ ਅਪੀਲ ਕੀਤੀ ਹੈ। ਜਿਨ੍ਹਾਂ ਰੂਟਾਂ ’ਤੇ ਪਾਬੰਦੀਆਂ ਹਟਾ ਦਿੱਤੀਆਂ ਗਈਆਂ ਹਨ, ਉਨ੍ਹਾਂ ’ਤੇ ਵਾਹਨਾਂ ਦੀਆਂ ਕਤਾਰਾਂ ਘੱਟ ਹੋਣੀਆਂ ਸ਼ੁਰੂ ਹੋ ਗਈਆਂ ਹਨ ਅਤੇ ਆਵਾਜਾਈ ਆਮ ਰਫ਼ਤਾਰ ਨਾਲ ਚੱਲ ਰਹੀ ਹੈ। ਪ੍ਰਸ਼ਾਸਨ ਸ਼ਹਿਰ ਦੇ ਅੰਦਰ ਆਵਾਜਾਈ ਵਿੱਚ ਕੋਈ ਵਿਘਨ ਨਾ ਪੈਣ ਨੂੰ ਯਕੀਨੀ ਬਣਾਉਣ ਲਈ ਸਥਿਤੀ ਦੀ ਨਿਰੰਤਰ ਨਿਗਰਾਨੀ ਕਰ ਰਿਹਾ ਹੈ। ਜਾਣਕਾਰੀ ਅਨੁਸਾਰ ਸ਼ੰਕਰ ਰੋਡ-ਵੰਦੇ ਮਾਤਰਮ ’ਟੀ’ ਪੁਆਇੰਟ, ਧੌਲਾ ਕੂਆਂ ਫਲਾਈਓਵਰ, ਝੰਡੇਵਾਲਾਂ, ਪੰਚਕੁਈਆਂ, ਮੰਡੀ ਹਾਊਸ, ਡਾ. ਦਿਨੇਸ਼ ਨੰਦਿਨੀ ਡਾਲਮੀਆ ਚੌਕ, ਰਾਮ ਚਰਨ ਅਗਰਵਾਲ ਚੌਕ, ਮਿੰਟੋ ਰੋਡ-ਡੀਡੀਯੂ ਮਾਰਗ, ਗੁਰੂ ਨਾਨਕ ਚੌਕ, ਚੈਮਸਫੋਰਡ ਰੋਡ, ਕਨਾਟ ਪਲੇਸ ਆਊਟਰ ਸਰਕਲ, ਲੋਧੀ ਰੋਡ ਫਲਾਈਓਵਰ, ਨੀਲਾ ਗੁੰਬਦ, ਮਦਰੱਸਾ ਟੀ-ਪੁਆਇੰਟ, ਸਮਰਾਟ ਹੋਟਲ ਰਾਊਂਡ ਅਬਾਊਟ, ਸਰਦਾਰ ਪਟੇਲ ਮਾਰਗ-ਪੰਚਸ਼ੀਲ ਮਾਰਗ ਕਰਾਸਿੰਗ ਸਮੇਤ ਕਈ ਥਾਵਾਂ ’ਤੇ ਆਵਾਜਾਈ ਪ੍ਰਭਾਵਿਤ ਹੋਈ।

## ਯੂਟਿਊਬਰ ਧਰੁਵ ਰਾਠੀ, ਦੀਪਕੇ ਸਮੇਤ ਕਈ ਆਗੂ ਹਿਰਾਸਤ ਵਿੱਚ





**ਨਵੀਂ ਦਿੱਲੀ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਯੂਟਿਊਬਰ ਧਰੁਵ ਰਾਠੀ ਨੂੰ ਗੁਰੂਗ੍ਰਾਮ ਵਿੱਚ ਹਿਰਾਸਤ ਵਿੱਚ ਲਿਆ ਗਿਆ ਹੈ। ਪੁਲਿਸ ਨੇ ਇਹ ਕਾਰਵਾਈ ਸਵੇਰੇ 8 ਵਜੇ ਕੀਤੀ। ਵੀਰਵਾਰ ਨੂੰ, ਧਰੁਵ ਰਾਠੀ ਨੇ ਬੈਂਗਲੁਰੂ ਵਿੱਚ ਨਾਗਰਿਕਤਾ ਸੋਧ ਕਾਨੂੰਨ ਵਿਰੁੱਧ ਇੱਕ ਪ੍ਰਦਰਸ਼ਨ ਵਿੱਚ ਹਿੱਸਾ ਲਿਆ ਸੀ।

ਇਸ ਦੌਰਾਨ ਮੁੰਬਈ ਤੋਂ ਦਿੱਲੀ ਪੁੱਜੇ ਕਾਕਰੋਚ ਜਨਤਾ ਪਾਰਟੀ ਦੇ ਪ੍ਰਮੁੱਖ ਅਭਿਜੀਤ ਦਿਪਕੇ ਨੂੰ ਦਿੱਲੀ ਪੁਲਿਸ ਨੇ ਸ਼ਨੀਵਾਰ ਸਵੇਰੇ ਹਵਾਈ ਅੱਡੇ ਤੇ ਉਤਰਦਿਆਂ ਹੀ ਹਿਰਾਸਤ ਵਿੱਚ ਲੈ ਲਿਆ। ਮਿਲੀ ਜਾਣਕਾਰੀ ਮੁਤਾਬਕ ਦਿੱਲੀ ਪੁਲਿਸ ਪਹਿਲਾਂ ਹੀ ਉਨ੍ਹਾਂ ਦੀ ਲੋਕੇਸ਼ਨ ਨੂੰ ਟਰੈਕ ਕਰ ਰਹੀ ਸੀ। ਜਿਵੇਂ ਹੀ ਜਹਾਜ਼ ਦਿੱਲੀ ਏਅਰਪੋਰਟ ਤੇ ਲੈਂਡ ਹੋਇਆ, ਪੁਲਿਸ ਟੀਮ ਸਿੱਧੀ ਫ਼ਲਾਈਟ ਦੇ ਅੰਦਰ ਪਹੁੰਚ ਗਈ ਅਤੇ ਕਾਰਵਾਈ ਸ਼ੁਰੂ ਕਰ ਦਿੱਤੀ। ਇਸ ਦੌਰਾਨ ਦਿਪਕੇ ਦੇ ਨਾਲ-ਨਾਲ ਸੌਰਵ ਦਾਸ ਅਤੇ ਆਸ਼ੂਤੋਸ਼ ਰਾਂਕਾ ਨੂੰ ਵੀ ਪੁਲਿਸ ਵੱਲੋਂ ਹਿਰਾਸਤ ਵਿੱਚ ਲੈ ਲਿਆ ਗਿਆ। ਦਿੱਲੀ ਪੁਲਿਸ ਦੀ ਇਸ ਕਾਰਵਾਈ ਤੇ ਕਾਕਰੋਚ ਜਨਤਾ ਪਾਰਟੀ ਨੇ ਗੰਭੀਰ ਇਤਰਾਜ਼ ਪ੍ਰਗਟ ਕਰਦਿਆਂ ਸਖ਼ਤ ਨਿਖੇਧੀ ਕੀਤੀ ਹੈ।




## ਆਈਐਸਆਈ ਨੂੰ ਗੁਪਤ ਸੂਚਨਾ ਭੇਜਣ ਦਾ ਖ਼ੁਲਾਸਾ, ਫਰੀਦਕੋਟ ਦੀ ਔਰਤ ਸਣੇ 3 ’ਤੇ ਮਾਮਲਾ ਦਰਜ

**ਫਰੀਦਕੋਟ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦੇਸ਼ ਦੀ ਸੁਰੱਖਿਆ ਨਾਲ ਜੁੜੀਆਂ ਗੁਪਤ ਸੂਚਨਾਵਾਂ ਪਾਕਿਸਤਾਨ ਦੀ ਖ਼ੁਫ਼ੀਆ ਏਜੰਸੀ ਆਈ.ਐੱਸ.ਆਈ. ਅਤੇ ਪਾਕਿਸਤਾਨੀ ਫ਼ੌਜ ਤੱਕ ਪਹੁੰਚਾਉਣ ਦੇ ਗੰਭੀਰ ਦੋਸ਼ਾਂ ਹੇਠ ਇੰਟੈਲੀਜੈਂਸ ਵਿੰਗ ਦੇ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਫਾਜ਼ਿਲਕਾ ਵੱਲੋਂ ਫਰੀਦਕੋਟ ਦੀ ਇਕ ਮਹਿਲਾ ਸਮੇਤ ਤਿੰਨ ਵਿਅਕਤੀਆਂ ਖ਼ਿਲਾਫ਼ ਮੁਕੱਦਮਾ ਦਰਜ ਕੀਤਾ ਗਿਆ ਹੈ। ਨਾਮਜ਼ਦ ਵਿਅਕਤੀਆਂ ਵਿਚ ਦੋ ਫ਼ੌਜੀ ਮੁਲਾਜ਼ਮ ਵੀ ਸ਼ਾਮਲ ਹਨ, ਜਿਨ੍ਹਾਂ ਦੇ ਭਾਰਤ-ਚੀਨ ਸਰਹੱਦ ’ਤੇ ਤਾਇਨਾਤ ਹੋਣ ਦੀ ਗੱਲ ਸਾਹਮਣੇ ਆਈ ਹੈ। ਪੁਲਸ ਵੱਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ। ਪੁਲਸ ਰਿਕਾਰਡ ਅਨੁਸਾਰ ਇਸ ਸਬੰਧੀ 8 ਅਕਤੂਬਰ 2026 ਨੂੰ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਫਾਜ਼ਿਲਕਾ ਵਿਖੇ ਐੱਫ.ਆਈ.ਆਰ. ਨੰਬਰ 0024 ਦਰਜ ਕੀਤੀ ਗਈ ਹੈ। ਇਹ ਮੁਕੱਦਮਾ ਸਰਕਾਰੀ ਭੇਤ ਗੁਪਤ ਰੱਖਣ ਸਬੰਧੀ ਐਕਟ ਦੀਆਂ ਧਾਰਾਵਾਂ ਤਹਿਤ ਦਰਜ ਹੋਣ ਦੀ ਜਾਣਕਾਰੀ ਸਾਹਮਣੇ ਆਈ ਹੈ। ਦਰਜ ਮੁਕੱਦਮੇ ਅਨੁਸਾਰ ਮੁਲਜ਼ਮਾਂ ’ਤੇ ਪਾਕਿਸਤਾਨ ਦੀ ਖ਼ੁਫ਼ੀਆ ਏਜੰਸੀ ਆਈ.ਐੱਸ.ਆਈ. ਅਤੇ ਪਾਕਿਸਤਾਨੀ ਫ਼ੌਜ ਨਾਲ ਕਥਿਤ ਸੰਪਰਕ ਰੱਖਣ ਅਤੇ ਦੇਸ਼ ਦੀ ਸੁਰੱਖਿਆ ਨਾਲ ਸਬੰਧਤ ਗੁਪਤ ਜਾਣਕਾਰੀਆਂ ਸਾਂਝੀਆਂ ਕਰਨ ਦੇ ਦੋਸ਼ ਹਨ। ਜਾਂਚ ਏਜੰਸੀ ਵੱਲੋਂ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਕਥਿਤ ਤੌਰ ’ਤੇ ਕਿਹੜੀਆਂ ਗੁਪਤ ਸੂਚਨਾਵਾਂ ਸਾਂਝੀਆਂ ਕੀਤੀਆਂ ਗਈਆਂ।

## Flydubai plane incident : NIA ਕਰੇਗੀ ਹਮਲੇ ਦੀ ਜਾਂਚ, FIR ਦਰਜ




**ਨਵੀਂ ਦਿੱਲੀ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਰਾਸ਼ਟਰੀ ਜਾਂਚ ਏਜੰਸੀ (ਐਨਆਈਏ) ਨੇ ਫਲਾਈਦੁਬਈ ਦੀ ਉਡਾਣ ਦੌਰਾਨ ਕੈਪਟਨ ਸਮਿਤ ਮਛਾਰ ’ਤੇ ਹੋਏ ਕਾਕਪਿਟ ਹਮਲੇ ਦੀ ਜਾਂਚ ਲਈ ਇੱਕ ਕੇਸ ਦਰਜ ਕੀਤਾ ਹੈ। ਏਜੰਸੀ ਨੇ ਇਜ਼ਰਾਈਲ ਜਾਣ ਵਾਲੀ ਫਲਾਈਦੁਬਈ ਦੀ ਉਡਾਣ ਦੇ ਕਾਕਪਿਟ ’ਤੇ ਹੋਏ ਹਮਲੇ ਦੀ ਜਾਂਚ ਲਈ ਹਾਈਜੈਕਿੰਗ ਵਿਰੋਧੀ ਐਕਟ, 2016 ਅਤੇ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ (ਯੂਏਪੀਏ) ਦੀ ਵਰਤੋਂ ਕੀਤੀ ਹੈ। ਸੂਤਰਾਂ ਦਾ ਕਹਿਣਾ ਹੈ ਕਿ ਐਫਆਈਆਰ ਵਿੱਚ ਹਮਲੇ ਦੀ ਜਾਂਚ ਲਈ ਹਾਈਜੈਕਿੰਗ, ਅੱਤਵਾਦੀ ਗਤੀਵਿਧੀਆਂ, ਸਾਜ਼ਿਸ਼ ਅਤੇ ਅੱਤਵਾਦੀ ਸੰਗਠਨ ਦੀ ਮੈਂਬਰਸ਼ਿਪ ਅਤੇ ਕੱਟੜਪੰਥੀ ਨੈੱਟਵਰਕਾਂ ਨਾਲ ਸਬੰਧਤ ਧਾਰਾਵਾਂ ਸ਼ਾਮਲ ਹਨ। ਫਲਾਈਦੁਬਈ ਫਲਾਈਟ FZ1073 ਦੇ ਕਾਕਪਿਟ ਵਿੱਚ ਹੋਏ ਹਮਲੇ ਨੇ ਦੁਨੀਆ ਭਰ ਵਿੱਚ ਸੁਰਖੀਆਂ ਬਟੋਰੀਆਂ। 30 ਸਤੰਬਰ ਨੂੰ ਦੁਬਈ ਤੋਂ ਤੇਲ ਅਵੀਵ, ਇਜ਼ਰਾਈਲ ਜਾ ਰਹੇ ਸਹਿ-ਪਾਇਲਟ ਹਮਾਮ ਅਲ-ਹਮਾਮੀ ਨੇ ਭਾਰਤੀ ਕੈਪਟਨ ਸਮਿਤ ਮਾਛਰ ’ਤੇ ਐਮਰਜੈਂਸੀ ਕੁਹਾੜੀ ਨਾਲ ਹਮਲਾ ਕੀਤਾ ਅਤੇ ਜਹਾਜ਼ ਦਾ ਕੰਟਰੋਲ ਆਪਣੇ ਕਬਜ਼ੇ ਵਿੱਚ ਲੈਣ ਦੀ ਕੋਸ਼ਿਸ਼ ਕੀਤੀ। ਹਮਲੇ ਵਿੱਚ ਗੰਭੀਰ ਜ਼ਖਮੀ ਹੋਣ ਦੇ ਬਾਵਜੂਦ ਕੈਪਟਨ ਮਾਛਰ ਨੂੰ ਜਹਾਜ਼ ਦਾ ਕੰਟਰੋਲ ਬਣਾਈ ਰੱਖਣ ਲਈ ਸੰਘਰਸ਼ ਕਰਨਾ ਪਿਆ। ਉਹ ਕਾਕਪਿਟ ਦਾ ਦਰਵਾਜ਼ਾ ਖੋਲ੍ਹਣ ਵਿੱਚ ਵੀ ਸਫਲ ਰਿਹਾ। ਇੱਕ ਵਾਰ ਦਰਵਾਜ਼ਾ ਖੁੱਲ੍ਹਣ ਤੋਂ ਬਾਅਦ ਯਾਤਰੀ ਅਤੇ ਚਾਲਕ ਦਲ ਦੇ ਮੈਂਬਰ ਭੱਜ ਕੇ ਅੰਦਰ ਆਏ ਅਤੇ ਸਹਿ-ਪਾਇਲਟ ਨੂੰ ਕਾਬੂ ਕਰ ਲਿਆ। ਫਿਰ ਦੋ ਆਫ-ਡਿਊਟੀ ਪਾਇਲਟਾਂ ਨੇ ਜਹਾਜ਼ ਦਾ ਕੰਟਰੋਲ ਆਪਣੇ ਹੱਥਾਂ ਵਿੱਚ ਲੈ ਲਿਆ, ਜਿਸ ਨਾਲ ਸਾਊਦੀ ਅਰਬ ਦੇ ਤਬੂਕ ਵਿੱਚ ਐਮਰਜੈਂਸੀ ਲੈਂਡਿੰਗ ਹੋਈ। ਇਜ਼ਰਾਈਲ, ਯੂਏਈ ਅਤੇ ਸਾਊਦੀ ਅਰਬ ਦੇ ਅਧਿਕਾਰੀਆਂ ਨੇ ਫਲਾਈਦੁਬਈ ਘਟਨਾ ਨੂੰ ਅੱਤਵਾਦੀ ਹਮਲਾ ਦੱਸਿਆ ਹੈ। ਹਾਲਾਂਕਿ, ਇਹ ਸਵਾਲ ਅਜੇ ਵੀ ਹਨ ਕਿ ਕੀ ਸਹਿ-ਪਾਇਲਟ ਨੇ ਇਕੱਲੇ ਕੰਮ ਕੀਤਾ ਸੀ ਜਾਂ ਕਿਸੇ ਵੱਡੀ ਅੱਤਵਾਦੀ ਸਾਜ਼ਿਸ਼ ਦਾ ਹਿੱਸਾ ਸੀ। ਰਿਪੋਰਟਾਂ ਦੇ ਅਨੁਸਾਰ ਅਮਰੀਕੀ ਅਧਿਕਾਰੀਆਂ ਨੇ ਕਿਸੇ ਵੀ ਵੱਡੇ ਸੰਗਠਨ ਦੀ ਸ਼ਮੂਲੀਅਤ ਤੋਂ ਇਨਕਾਰ ਕੀਤਾ ਹੈ। ਉਨ੍ਹਾਂ ਦੇ ਅਨੁਸਾਰ ਜਾਂਚਕਰਤਾਵਾਂ ਦਾ ਮੰਨਣਾ ਹੈ ਕਿ ਓਮਾਨੀ ਸਹਿ-ਪਾਇਲਟ ਨੇ ਕਿਸੇ ਵੱਡੇ ਸੰਗਠਨ ਦਾ ਹਿੱਸਾ ਹੋਣ ਦੀ ਬਜਾਏ ਇਕੱਲੇ ਇਹ ਕੰਮ ਕੀਤਾ ਸੀ। ਧਿਆਨ ਦੇਣ ਯੋਗ ਹੈ ਕਿ ਇਹ ਘਟਨਾ 30 ਸਤੰਬਰ 2026 ਨੂੰ ਵਾਪਰੀ ਸੀ। ਇਸ ਦੌਰਾਨ ਉਡਾਨ ’ਚ 174 ਯਾਤਰੀ ਅਤੇ 6 ਚਾਲਕ ਦਲ ਦੇ ਮੈਂਬਰ ਸਵਾਰ ਸਨ। ਕੈਪਟਨ ਮਛਾਰ ਨੇ ਇਸ ਹਮਲੇ ’ਚ ਬਹਾਦਰੀ ਦਿਖਾਈ ਤੇ ਨਾ ਸਿਰਫ ਆਪਣੀ ਜਾਨ ਬਚਾਈ ਬਲਕਿ ਜਹਾਜ਼ ’ਚ ਸਵਾਰ ਸਭ ਯਾਤਰੀਆਂ ਦੀ ਜਾਨ ਵੀ ਬਚਾਈ।

## ਸ੍ਰੀ ਹੇਮਕੁੰਟ ਸਾਹਿਬ ਦੇ ਕਪਾਟ ਮਰਿਆਦਾ ਅਨੁਸਾਰ ਹੋਏ ਬੰਦ, ਇਸ ਸਾਲ 3.80 ਲੱਖ ਸ਼ਰਧਾਲੂਆਂ ਨੇ ਮੱਥਾ ਟੇਕਿਆ

### ਅੰਤਿਮ ਦਿਨ ਪਾਕਿਸਤਾਨ ਤੋਂ ਵੀ ਪੁੱਜੇ ਸਿੱਖ ਸ਼ਰਧਾਲੂ



**ਸ੍ਰੀ ਹੇਮਕੁੰਟ ਸਾਹਿਬ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਹੇਮਕੁੰਟ ਸਾਹਿਬ ਦੇ ਕਪਾਟ ਅੱਜ ਦੁਪਹਿਰ 2 ਵਜੇ ਸਰਦੀਆਂ ਦੇ ਮੌਸਮ ਲਈ ਬੰਦ ਕਰ ਦਿੱਤੇ ਗਏ ਹਨ। ਇਸ ਇਤਿਹਾਸਕ ਪਲ ਨੂੰ ਯਾਦਗਾਰੀ ਬਣਾਉਣ ਲਈ ਫ਼ੌਜ ਦੇ ਬੈਂਡ ਦੇ ਨਾਲ-ਨਾਲ ਰਾਗੀ ਸਿੰਘ ਅਤੇ 5,000 ਤੋਂ ਵੱਧ ਸ਼ਰਧਾਲੂ ਘਾਂਘਰੀਆ ਪਹੁੰਚੇ। ਇਨ੍ਹਾਂ ਵਿੱਚ ਪਾਕਿਸਤਾਨ ਤੋਂ ਆਇਆ 40 ਸ਼ਰਧਾਲੂਆਂ ਦਾ ਜਥਾ ਵੀ ਸ਼ਾਮਲ ਸੀ। ਮੌਸਮ ਵਿੱਚ ਤਬਦੀਲੀ ਦੇ ਬਾਵਜੂਦ ਹੇਮਕੁੰਟ ਘਾਟੀ ‘ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ’ ਦੇ ਜੈਕਾਰਿਆਂ ਨਾਲ ਗੂੰਜਦੀ ਰਹੀ। ਇਸ ਸਾਲ ਹੇਮਕੁੰਟ ਸਾਹਿਬ ਦੇ ਕਿਵਾੜ 23 ਮਈ ਨੂੰ ਖੋਲ੍ਹੇ ਗਏ ਸਨ ਅਤੇ ਇਸ ਯਾਤਰਾ ਦੌਰਾਨ 3.80 ਲੱਖ ਸ਼ਰਧਾਲੂਆਂ ਨੇ ਇੱਥੇ ਮੱਥਾ ਟੇਕਿਆ। ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਮੈਨੇਜਮੈਂਟ ਟਰੱਸਟ ਦੇ ਪ੍ਰਧਾਨ ਨਰਿੰਦਰ ਜੀਤ ਸਿੰਘ ਬਿੰਦਰਾ ਨੇ ਦੱਸਿਆ ਕਿ ਕਿਵਾੜ ਬੰਦ ਹੋਣ ਦੇ ਸਮਾਗਮ ਵਿੱਚ ਸ਼ਾਮਲ ਹੋਣ ਲਈ ਪੰਜਾਬ, ਉੱਤਰ ਪ੍ਰਦੇਸ਼ ਅਤੇ ਦਿੱਲੀ ਸਮੇਤ ਵਿਦੇਸ਼ਾਂ ਤੋਂ ਵੀ ਸ਼ਰਧਾਲੂ ਘਾਂਘਰੀਆ ਪਹੁੰਚੇ। ਟਰੱਸਟ ਦੇ ਸੀਈਓ ਸਰਦਾਰ ਸੇਵਾ ਸਿੰਘ ਨੇ ਦੱਸਿਆ ਕਿ ਪਾਕਿਸਤਾਨ ਦੇ ਪੇਸ਼ਾਵਰ ਤੋਂ ਵੀ ਜਥੇਦਾਰ ਪਾਪੇਂਦਰ ਸਿੰਘ ਦੀ ਅਗਵਾਈ ਹੇਠ 40 ਸ਼ਰਧਾਲੂ ਪਹੁੰਚੇ ਹੋਏ ਸਨ। ਸਾਰੇ ਸ਼ਰਧਾਲੂਆਂ ਵਿੱਚ ਬਰਫ਼ਬਾਰੀ ਨੂੰ ਲੈ ਕੇ ਕਾਫ਼ੀ ਉਤਸ਼ਾਹ ਸੀ। ਸ਼ਨੀਵਾਰ ਤੜਕੇ ਸ਼ਰਧਾਲੂਆਂ ਦੇ ਜਥੇ ਘਾਂਘਰੀਆ ਤੋਂ ਹੇਮਕੁੰਟ ਸਾਹਿਬ ਲਈ ਰਵਾਨਾ ਹੋਏ। ਉਨ੍ਹਾਂ ਦੱਸਿਆ ਕਿ ਅੱਜ ਸਵੇਰੇ 5 ਵਜੇ ਘਾਂਘਰੀਆ ਤੋਂ ਸ੍ਰੀ ਹੇਮਕੁੰਟ ਸਾਹਿਬ ਲਈ ਰਵਾਨਗੀ ਹੋਈ। ਸਵੇਰੇ 8 ਵਜੇ ਸ਼ਰਧਾਲੂ ਹੇਮਕੁੰਟ ਸਾਹਿਬ ਪਹੁੰਚੇ। ਇਸ ਤੋਂ ਬਾਅਦ ਸਵੇਰੇ 10 ਵਜੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਆਰੰਭ ਕੀਤਾ ਗਿਆ ਜਿਸ ਤੋਂ ਬਾਅਦ ਸ਼ਬਦ ਕੀਰਤਨ ਦਾ ਗਾਇਨ ਕੀਤਾ ਗਿਆ। ਦੁਪਹਿਰ 12:30 ਵਜੇ ਇਸ ਯਾਤਰਾ ਸੀਜ਼ਨ ਦੀ ਆਖਰੀ ਅਰਦਾਸ ਕੀਤੀ ਗਈ ਜਿਸ ਤੋਂ ਬਾਅਦ ਦੁਪਹਿਰ 1 ਵਜੇ ਹੁਕਮਨਾਮਾ ਲੈਣ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਪੰਜ ਪਿਆਰਿਆਂ ਦੀ ਅਗਵਾਈ ਹੇਠ ਅਤੇ ਫ਼ੌਜੀ ਬੈਂਡ ਦੀਆਂ ਮਧੁਰ ਧੁਨਾਂ ਵਿਚਕਾਰ ਦੀਵਾਨ ਹਾਲ ਤੋਂ ਲਿਜਾ ਕੇ ਸੱਚਖੰਡ ਸਾਹਿਬ ਵਿੱਚ ਸੁਸ਼ੋਭਿਤ ਕੀਤਾ ਗਿਆ। ਠੀਕ ਦੁਪਹਿਰ 2 ਵਜੇ ਸ੍ਰੀ ਹੇਮਕੁੰਟ ਸਾਹਿਬ ਦੇ ਕਿਵਾੜ ਸਰਦੀਆਂ ਲਈ ਬੰਦ ਕਰ ਦਿੱਤੇ ਗਏ। ਕਪਾਟ ਬੰਦ ਹੋਣ ਤੋਂ ਇੱਕ ਦਿਨ ਪਹਿਲਾਂ ਸ਼ੁੱਕਰਵਾਰ ਨੂੰ ਸ੍ਰੀ ਹੇਮਕੁੰਟ ਸਾਹਿਬ ਵਿੱਚ ਭਾਰੀ ਬਰਫ਼ਬਾਰੀ ਹੋਈ ਜਿਸ ਕਾਰਨ ਪੂਰਾ ਧਾਮ ਬਰਫ਼ ਦੀ ਚਿੱਟੀ ਚਾਦਰ ਵਿੱਚ ਢੱਕ ਗਿਆ। ਕਪਾਟ ਬੰਦ ਕਰਨ ਦੀ ਪ੍ਰਕਿਰਿਆ ਸੀਜ਼ਨ ਦੀ ਆਖਰੀ ਅਰਦਾਸ ਨਾਲ ਪੂਰੀ ਹੋਈ। ਸ਼ਰਧਾਲੂਆਂ ਨੂੰ ਬਰਫ਼ ਨਾਲ ਢੱਕੇ ਸ੍ਰੀ ਹੇਮਕੁੰਟ ਸਾਹਿਬ ਦੇ ਮਨਮੋਹਕ ਦ੍ਰਿਸ਼ ਨੂੰ ਦੇਖਣ ਦਾ ਮੌਕਾ ਵੀ ਮਿਲਿਆ। ਦੱਸ ਦੇਈਏ ਕਿ ਸ੍ਰੀ ਹੇਮਕੁੰਟ ਸਾਹਿਬ ਦੇ ਨਾਲ-ਨਾਲ ਲੋਕਪਾਲ ਘਾਟੀ ਦੇ ਹੋਰ ਧਾਰਮਿਕ ਸਥਾਨਾਂ ਦੇ ਕਪਾਟ ਵੀ ਬੰਦ ਕਰਨ ਦੀ ਪ੍ਰਕਿਰਿਆ ਸ਼ੁਰੂ ਹੋ ਗਈ ਹੈ।

## ਦਿੱਲੀ ਪੁਲਿਸ ਨੇ ਜੰਤਰ-ਮੰਤਰ ਵੱਲ ਜਾ ਰਹੇ ‘ਅਰਵਿੰਦ ਕੇਜਰੀਵਾਲ ਸਣੇ ਆਪ 4 ਆਗੂਆਂ ਨੂੰ ਕੀਤਾ ਡਿਟੇਨ



**ਨਵੀਂ ਦਿੱਲੀ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-‘ਆਪ’ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ‘ਆਪ’ ਨੇਤਾ ਸੌਰਭ ਭਾਰਦਵਾਜ, ਦੁਰਗੇਸ਼ ਪਾਠਕ ਅਤੇ ਸੰਜੇ ਸਿੰਘ ਨੂੰ ਦਿੱਲੀ ਪੁਲਿਸ ਨੇ ਹਿਰਾਸਤ ਵਿੱਚ ਲੈ ਲਿਆ ਹੈ। ਕੇਜਰੀਵਾਲ ਨੇ ਕਿਹਾ ਸੀ ਕਿ ਉਹ ਲੋਕਤੰਤਰ ਨੂੰ ਬਚਾਉਣ ਦੀ ਲੜਾਈ ਵਿੱਚ ਹਿੱਸਾ ਲੈਣ ਲਈ ਆਪਣੇ ਪੂਰੇ ਪਰਿਵਾਰ ਨਾਲ ਜੰਤਰ-ਮੰਤਰ ਪਹੁੰਚਣਗੇ। ਉਨ੍ਹਾਂ ਕਿਹਾ ਕਿ, “ਪੂਰਾ ਦੇਸ਼ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕਰ ਰਿਹਾ ਹੈ। ਮੈਂ ਪੂਰੇ ਦੇਸ਼ ਦੇ ਲੋਕਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਜੰਤਰ-ਮੰਤਰ ਜਾਣ। ਇਹ ਕਿਸੇ ਇੱਕ ਵਿਅਕਤੀ ਜਾਂ ਪਾਰਟੀ ਬਾਰੇ ਨਹੀਂ ਹੈ; ਇਹ ਦੇਸ਼ ਬਾਰੇ ਹੈ।” ਭਾਜਪਾ ਦੇ ਰਾਸ਼ਟਰੀ ਬੁਲਾਰੇ ਅਤੇ ਸੰਸਦ ਮੈਂਬਰ ਸੰਬਿਤ ਪਾਤਰਾ ਨੇ ਕਿਹਾ, “ਜੰਤਰ-ਮੰਤਰ ‘ਤੇ ਜੋ ਹੋ ਰਿਹਾ ਹੈ, ਟੀਵੀ ‘ਤੇ ਕੀ ਦਿਖਾਇਆ ਜਾ ਰਿਹਾ ਹੈ ਅਤੇ ਕੁਝ ਸੋਸ਼ਲ ਮੀਡੀਆ ਹੈਂਡਲਾਂ ‘ਤੇ ਕੀ ਦਰਸਾਇਆ ਜਾ ਰਿਹਾ ਹੈ, ਇਹ ਭਾਰਤ ਦੀ ਕਹਾਣੀ ਨਹੀਂ ਹੈ। ਭਾਰਤ ਸ਼ਾਂਤੀਪੂਰਨ ਹੈ, ਭਾਰਤ ਚੰਗੇ ਸ਼ਾਸਨ ਨਾਲ ਅੱਗੇ ਵਧ ਰਿਹਾ ਹੈ। ਪਰ ਅਸੀਂ ਕੁਝ ਸਮੇਂ ਤੋਂ ਦਿੱਲੀ ਦੇ ਇੱਕ ਕੋਨੇ ਵਿੱਚ ਕੁਝ ਅਰਾਜਕਤਾਵਾਦੀਆਂ ਵੱਲੋਂ ਪੈਦਾ ਕੀਤੀ ਜਾ ਰਹੀ ਹਫੜਾ-ਦਫੜੀ ਨੂੰ ਦੇਖ ਰਹੇ ਹਾਂ। ਪਰ ਅੱਜ ਮੈਂ ਤੁਹਾਨੂੰ ਦੱਸ ਸਕਦਾ ਹਾਂ ਕਿ ਇਨ੍ਹਾਂ ਅਰਾਜਕਤਾਵਾਦੀਆਂ ਦੀ ਅਸਫਲ ਯੋਜਨਾ ਜੋ ਅਸੀਂ ਅੱਜ ਦੇਖ ਰਹੇ ਹਾਂ, ਪੂਰੀ ਤਰ੍ਹਾਂ ਢਹਿ ਗਈ ਹੈ। ਕੋਸ਼ਿਸ਼ ਭਾਰਤ ਨੂੰ ਬੰਧਕ ਬਣਾਉਣ, ਰਾਜਧਾਨੀ ਨੂੰ ਬੰਧਕ ਬਣਾਉਣ, ਅੱਗਜ਼ਨੀ ਅਤੇ ਹਿੰਸਾ ਭੜਕਾਉਣ, ਸੜਕਾਂ ‘ਤੇ ਲੜਨ ਦੀ ਸੀ। ਪਰ ਅੱਜ ਲੋਕਤੰਤਰ ਨੇ ਭੀੜਤੰਤਰ ‘ਤੇ ਜਿੱਤ ਪ੍ਰਾਪਤ ਕੀਤੀ ਹੈ। ਜਿਸ ਤਰ੍ਹਾਂ ਅੱਜ ਦਿੱਲੀ ਵਿੱਚ ਲੋਕਤੰਤਰ ਨੇ ਪ੍ਰਦਰਸ਼ਨ ਕੀਤਾ ਹੈ ਅਤੇ ਜਿਸ ਤਰ੍ਹਾਂ ਸਭ ਕੁਝ ਕਾਬੂ ਵਿੱਚ ਹੈ, ਮੈਂ ਦੁਹਰਾਉਣਾ ਚਾਹੁੰਦਾ ਹਾਂ ਕਿ ਅਰਾਜਕਤਾਵਾਦੀ ਅਸਫਲ ਹੋ ਗਏ ਹਨ ਅਤੇ ਉਨ੍ਹਾਂ ਦੀ ਯੋਜਨਾ ਸਫਲ ਨਹੀਂ ਹੋਵੇਗੀ।”

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ


ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

**ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)**
(ਬੱਕਰਾਂ ਦੇ ਹਾਈ ਕੋਰਟ)

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

## ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿੱਲੋਂ, ਜ: ਮਹਿਤਾਬ ਸਿੰਘ ਵਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


DHAN DHAN SRI GURU NANAK DEV JI
PARKASH PURAB
SANDWELL
NAGAR KIRTAN
ਨਗਰ ਕੀਰਤਨ
SUNDAY 1ST NOVEMBER 2026
GURDWARA GURU HAR RAI SAHIB JI
George Street, West Bromwich
START 9:00AM
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ
ਜਰੋਜ ਸਟਰੀਟ, ਵੈਸਟ ਬ੍ਰਮਿਚ
ਅਰੰਭਤਾ: ੯:੦੦ ਵਜੇ
GURU NANAK GURDWARA
Edward Street, West Bromwich
11:00AM
ਗੁਰੂ ਨਾਨਕ ਗੁਰਦੁਆਰਾ
ਐਡਵਰਡ ਸਟਰੀਟ, ਵੈਸਟ ਬ੍ਰਮਿਚ
੧੧:੦੦ ਵਜੇ
GURDWARA AMRIT PARCHAR DHARMIK DIWAN
Birmingham Road, Oldbury
1:00PM
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ
ਬ੍ਰਮਿੰਘਮ ਰੋਡ, ਓਲਡਬਰੀ
੧:੦੦ ਵਜੇ
GURDWARA GURU MANEYO GRANTH
Popes Lane, Oldbury
2:00PM
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ
ਪੋਪਸ ਲੇਨ, ਓਲਡਬਰੀ
੨:੦੦ ਵਜੇ
GURDWARA BABA SANG
St. Paul's Road, Smethwick
3:15PM
ਗੁਰਦੁਆਰਾ ਬਾਬਾ ਸੰਗ ਜੀ
ਸਟ, ਪੋਲਜ ਰੋਡ, ਸਮੇਦਿਕ
੩:੧੫ ਵਜੇ
GURU NANAK GURDWARA SMETHWICK
High Street, Smethwick
4:00PM
ਗੁਰੂ ਨਾਨਕ ਗੁਰਦੁਆਰਾ
ਸਮੇਦਿਕ
੪:੦੦ ਵਜੇ
GURDWARA GURU HAR RAI SAHIB - 0121 553 7219
GURU NANAK GURDWARA SMETHWICK - 0121 558 2527
ਆਵਾਜ਼ਿ ਕੌਮ AWAZE QAUM
International Newspaper & WEB TV
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
Sandwell

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਗੁਰਮਤਿ ਸਮਾਗਮ

☛ ਜੋਤੀ ਜੋਤ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ☛ ਸ਼ਹੀਦੀ ਦਿਹਾੜਾ : ਸਿੱਖ ਕੌਮ ਹੀਰੇ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ ਜੀ ☛ ਜਨਮ ਦਿਵਸ : ਸ਼ਹੀਦ ਭਾਈ ਤਾਰੂ ਸਿੰਘ ਸਾਹਿਬ ਜੀ ☛ ਜੋੜ ਮੇਲਾ ਪੁੱਤਰਾਂ ਦਾਨੀ ਬ੍ਰਹਮ ਗਿਆਨੀ ਬੀੜ ਬਾਬਾ ਬੁੱਢਾ ਸਾਹਿਬ ਜੀ ਅੰਮ੍ਰਿਤਸਰ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 10 ਅਕਤੂਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ**

☛ ਸ਼ੁੱਕਰਵਾਰ 10:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ ਅਤੇ ਐਤਵਾਰ 10:30 ਭੋਗ ਪੈਣਗੇ।☛ ਹਰ ਐਤਵਾਰ 11 ਅਕਤੂਬਰ 2026 ਨੂੰ 6:30 ਵਜੇ ਸਵੇਰੇ ਚੋਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:45 ਮਿੰਟ ਤੱਕ ਦੀਵਾਨ ਸੱਜਣਗੇ।

ਕਵੀਸ਼ਰੀ ਜਥਾ ਗਿਆਨੀ ਤਰਸੇਮ ਸਿੰਘ ਇਟਲੀ ਵਾਲੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**




# ਜੱਟ ਜੱਟ ਨਹੀਂ ਰਿਹਾ, ਬਾਣੀਆ ਬਣ ਗਿਆ !

**☛ ਹਲ ਛੱਡ ਕੇ ਵਪਾਰ ਦੀ ਦੁਨੀਆ ਵਿੱਚ ਧਾਕ ਜਮਾਉਣ ਵਾਲਾ ਪੰਜਾਬੀ, ਅਮਰੀਕਾ ਵਿੱਚ ਪਿਸਤੇ-ਬਦਾਮਾਂ ਦੀ ਖੇਤੀ ਦਾ ਵੀ ਬਣਿਆ ਸਰਦਾਰ ☛ ਕਿਸਾਨੀ ਤੋਂ ਕਾਰੋਬਾਰ ਤੱਕ ਪੰਜਾਬੀਆਂ ਦੀ ਸਫ਼ਲਤਾ ਦੀ ਕਹਾਣੀ, ਪਰ ਵਿਦੇਸ਼ਾਂ ਵਿੱਚ ਵਧ ਰਹੀਆਂ ਅਪਰਾਧਿਕ ਸਰਗਰਮੀਆਂ ਨੇ ਪੰਜਾਬੀ ਪਛਾਣ ਅੱਗੇ ਖੜ੍ਹੇ ਕੀਤੇ ਗੰਭੀਰ ਸਵਾਲ**

ਪੰਜਾਬ ਵਿੱਚ ਕਿਸੇ ਸਮੇਂ ਇੱਕ ਬੋਲੀ ਬੜੀ ਮਸ਼ਹੂਰ ਹੋਈ ਸੀ, 'ਬਾਣੀਏ ਨੇ ਜੱਟ ਢਾਹ ਲਿਆ, ਜੱਟ ਕਹਿੰਦਾ ਉੱਠ ਲੈਣ ਦੇ।' ਇਸ ਬੋਲੀ ਵਿੱਚ ਪੰਜਾਬ ਦੇ ਪੇਂਡੂ ਸਮਾਜ ਦੀ ਇੱਕ ਪੁਰਾਣੀ ਸੋਚ ਅਤੇ ਕਿਸਾਨ ਦੇ ਸੁਭਾਅ ਦੀ ਝਲਕ ਮਿਲਦੀ ਸੀ ਪਰ ਸਮੇਂ ਨੇ ਅਜਿਹੀ ਕਰਵਟ ਲਈ ਕਿ ਅੱਜ ਉਹੀ ਪੰਜਾਬੀ ਕਿਸਾਨ ਦਾ ਪੁੱਤ ਦੁਨੀਆ ਦੇ ਵੱਡੇ-ਵੱਡੇ ਵਪਾਰੀਆਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ।

ਕਦੇ ਹਲ ਵਾਹੁਣ ਵਾਲੇ ਹੱਥ ਅੱਜ ਵੱਡੇ ਵਪਾਰਕ ਅਦਾਰਿਆਂ ਦੇ ਮਾਲਕ ਬਣ ਚੁੱਕੇ ਹਨ ਜਿਹੜਾ ਪੰਜਾਬੀ ਕਦੇ ਆਪਣੀ ਫ਼ਸਲ ਵੇਚਣ ਲਈ ਆੜ੍ਹਤੀ ਦੀ ਦੁਕਾਨ ਅੱਗੇ ਖੜ੍ਹਾ ਹੁੰਦਾ ਸੀ, ਅੱਜ ਉਹ ਵਿਦੇਸ਼ਾਂ ਵਿੱਚ ਆਪਣੀਆਂ ਦੁਕਾਨਾਂ, ਸੁਪਰਮਾਰਕੀਟਾਂ, ਪੈਟਰੋਲ ਪੰਪਾਂ, ਟਰਾਂਸਪੋਰਟ ਕੰਪਨੀਆਂ ਅਤੇ ਵੱਡੇ-ਵੱਡੇ ਠੇਕਿਆਂ ਦਾ ਮਾਲਕ ਬਣਿਆ ਬੈਠਾ ਹੈ।

ਕਦੇ ਖੇਤਾਂ ਵਿੱਚ ਕਣਕ, ਝੋਨਾ ਤੇ ਗੰਨਾ ਉਗਾਉਣ ਵਾਲਾ ਪੰਜਾਬੀ ਅੱਜ ਵਿਦੇਸ਼ਾਂ ਵਿੱਚ ਫਲ-ਫਰੂਟ ਅਤੇ ਸਬਜ਼ੀਆਂ ਦਾ ਵੱਡਾ ਵਪਾਰੀ ਬਣ ਗਿਆ ਹੈ।ਕਦੇ ਦੂਜਿਆਂ ਦੀਆਂ ਗੱਡੀਆਂ ਚਲਾਉਣ ਵਾਲਾ ਅੱਜ ਆਪਣੀਆਂ ਟਰੱਕਾਂ ਦੀਆਂ ਫਲੀਟਾਂ ਚਲਾ ਰਿਹਾ ਹੈ। ਮਹਿੰਗੇ ਟਰੱਕਾਂ, ਗੋਦਾਮਾਂ, ਉਸਾਰੀ ਅਤੇ ਹੋਰ ਵੱਡੇ ਕਾਰੋਬਾਰਾਂ ਵਿੱਚ ਪੰਜਾਬੀਆਂ ਨੇ ਆਪਣੀ ਮਿਹਨਤ ਨਾਲ ਵਿਲੱਖਣ ਪਛਾਣ ਬਣਾਈ ਹੈ।

ਅਮਰੀਕਾ ਵਿੱਚ ਪਿਸਤੇ ਤੇ ਬਦਾਮਾਂ ਦੇ ਬਾਗ਼ਾਂ ਤੱਕ ਪਹੁੰਚਿਆ ਪੰਜਾਬੀ

ਦਿਲਚਸਪ ਗੱਲ ਇਹ ਹੈ ਕਿ ਜਿੱਥੇ ਬਰਤਾਨੀਆ, ਕੈਨੇਡਾ ਅਤੇ ਹੋਰ ਦੇਸ਼ਾਂ ਵਿੱਚ ਵਸੇ ਬਹੁਤ ਸਾਰੇ ਪੰਜਾਬੀਆਂ ਨੇ ਖੇਤੀਬਾੜੀ ਛੱਡ ਕੇ ਵਪਾਰ ਵੱਲ ਰੁਖ਼ ਕੀਤਾ, ਉੱਥੇ ਅਮਰੀਕਾ ਵਿੱਚ ਪੰਜਾਬ ਤੋਂ ਗਏ ਕਈ ਪਰਿਵਾਰਾਂ ਨੇ ਆਪਣੀ ਰਵਾਇਤੀ ਕਿਸਾਨੀ ਨੂੰ ਨਵੇਂ ਰੂਪ ਵਿੱਚ ਜਿਉਂਦਾ ਰੱਖਿਆ ਹੈ।



ਕੈਲੀਫੋਰਨੀਆ ਦੀ ਉਪਜਾਊ ਧਰਤੀ ਉੱਤੇ ਪੰਜਾਬੀ ਮੂਲ ਦੇ ਕਿਸਾਨਾਂ ਦੀ ਖੇਤੀਬਾੜੀ ਨਾਲ ਪੁਰਾਣੀ ਸਾਂਝ ਹੈ।ਆੜੂਆਂ, ਅੰਗੂਰਾਂ, ਬਦਾਮਾਂ ਅਤੇ ਪਿਸਤਿਆਂ ਵਰਗੀਆਂ ਕੀਮਤੀ ਫ਼ਸਲਾਂ ਦੀ ਕਾਸ਼ਤ ਨਾਲ ਜੁੜੇ ਪੰਜਾਬੀ ਪਰਿਵਾਰਾਂ ਨੇ ਸਾਬਤ ਕੀਤਾ ਹੈ ਕਿ ਕਿਸਾਨੀ ਸਿਰਫ਼ ਕਣਕ ਤੇ ਝੋਨੇ ਤੱਕ ਸੀਮਤ ਨਹੀਂ।

ਅੱਜ ਅਮਰੀਕਾ ਵਿੱਚ ਕਈ ਪੰਜਾਬੀ ਕਿਸਾਨ ਆਧੁਨਿਕ ਮਸ਼ੀਨਰੀ, ਸਿੰਚਾਈ ਪ੍ਰਣਾਲੀਆਂ ਅਤੇ ਵੱਡੇ ਖੇਤੀਬਾੜੀ ਕਾਰੋਬਾਰਾਂ ਨਾਲ ਜੁੜੇ ਹੋਏ ਹਨ। ਪੰਜਾਬ ਵਿੱਚ ਜਿਹੜਾ ਕਿਸਾਨ ਕੁਝ ਏਕੜ ਜ਼ਮੀਨ ਉੱਤੇ ਗੁਜ਼ਾਰਾ ਕਰਦਾ ਸੀ, ਉਸੇ ਮਿੱਟੀ ਨਾਲ ਜੁੜੇ ਪਰਿਵਾਰਾਂ ਦੀਆਂ ਅਗਲੀਆਂ ਪੀੜ੍ਹੀਆਂ ਵਿਦੇਸ਼ਾਂ ਵਿੱਚ ਵੱਡੇ ਪੱਧਰ ਦੀ ਖੇਤੀ ਕਰ ਰਹੀਆਂ ਹਨ।

ਇਹ ਪੰਜਾਬੀ ਕਿਸਾਨ ਦੀ ਹਾਰ ਨਹੀਂ, ਸਗੋਂ ਉਸਦੀ ਮਿਹਨਤ, ਦੂਰਅੰਦੇਸ਼ੀ ਅਤੇ ਬਦਲਦੇ ਸਮੇਂ ਨਾਲ ਤੁਰਨ ਦੀ ਸਮਰੱਥਾ ਦੀ ਮਿਸਾਲ ਹੈ।

ਪੰਜਾਬ ਦੇ ਜਾਇਆਂ ਨੇ ਜਿੱਥੇ ਵਿਦੇਸ਼ਾਂ ਵਿੱਚ ਵੱਡੇ-ਵੱਡੇ ਵਪਾਰਕ ਅਦਾਰਿਆਂ ਦੀ ਸਥਾਪਨਾ ਕਰਕੇ ਆਪਣੀ ਸਰਦਾਰੀ ਕਾਇਮ ਕੀਤੀ ਹੈ, ਉੱਥੇ ਅਮਰੀਕਾ, ਕੈਨੇਡਾ, ਬਰਤਾਨੀਆ ਅਤੇ ਯੂਰਪ ਦੇ ਹੋਰ ਵਿਕਸਤ ਮੁਲਕਾਂ ਵਿੱਚ ਉੱਚੇ ਪ੍ਰਸ਼ਾਸਨਿਕ, ਰਾਜਨੀਤਕ, ਨਿਆਂਇਕ, ਵਿਦਿਅਕ ਅਤੇ ਵਪਾਰਕ ਅਹੁਦਿਆਂ ਤੱਕ ਪਹੁੰਚ ਕੇ ਪੰਜਾਬ ਅਤੇ ਪੰਜਾਬੀਅਤ ਦਾ ਨਾਂ ਵੀ ਰੌਸ਼ਨ ਕੀਤਾ ਹੈ। ਕਦੇ ਰੋਜ਼ੀ-ਰੋਟੀ ਦੀ ਭਾਲ ਵਿੱਚ ਆਪਣੀ ਜਨਮ ਭੂਮੀ ਛੱਡ ਕੇ ਵਿਦੇਸ਼ਾਂ ਵੱਲ ਤੁਰੇ ਪੰਜਾਬੀਆਂ ਦੀਆਂ ਅਗਲੀਆਂ ਪੀੜ੍ਹੀਆਂ ਅੱਜ ਉਨ੍ਹਾਂ ਦੇਸ਼ਾਂ ਦੀਆਂ ਸੰਸਦਾਂ, ਸਰਕਾਰੀ ਸੰਸਥਾਵਾਂ, ਵੱਡੀਆਂ ਕੰਪਨੀਆਂ, ਯੂਨੀਵਰਸਿਟੀਆਂ ਅਤੇ ਹੋਰ ਮਹੱਤਵਪੂਰਨ ਅਦਾਰਿਆਂ ਵਿੱਚ ਜ਼ਿੰਮੇਵਾਰੀਆਂ ਨਿਭਾ ਰਹੀਆਂ ਹਨ।

ਇਹ ਪੰਜਾਬੀਆਂ ਦੀ ਮਿਹਨਤ, ਲਗਨ, ਵਿੱਦਿਆ ਅਤੇ ਦੂਰਅੰਦੇਸ਼ੀ ਦਾ ਨਤੀਜਾ ਹੈ ਕਿ ਜਿਹੜੇ ਕਦੇ ਵਿਦੇਸ਼ਾਂ ਵਿੱਚ ਮਜ਼ਦੂਰੀ ਕਰਨ ਗਏ ਸਨ, ਉਨ੍ਹਾਂ ਦੀਆਂ ਪੀੜ੍ਹੀਆਂ ਅੱਜ ਫ਼ੈਸਲੇ ਲੈਣ ਵਾਲੇ ਅਹੁਦਿਆਂ ਤੱਕ ਪਹੁੰਚ ਚੁੱਕੀਆਂ ਹਨ। ਪੰਜਾਬੀ ਸਿਰਫ਼ ਵਪਾਰਕ ਸਫ਼ਲਤਾ ਦੀ ਹੀ ਨਹੀਂ, ਸਗੋਂ ਰਾਜਨੀਤੀ, ਪ੍ਰਸ਼ਾਸਨ, ਵਿਗਿਆਨ, ਸਿੱਖਿਆ ਅਤੇ ਸਮਾਜ ਸੇਵਾ ਦੇ ਖੇਤਰਾਂ ਵਿੱਚ ਵੀ ਆਪਣੀ ਕਾਬਲੀਅਤ ਦੀ ਪਛਾਣ ਬਣਾ ਰਹੇ ਹਨ ਪਰ ਇਸ ਸ਼ਾਨਦਾਰ ਪ੍ਰਾਪਤੀ ਦੇ ਨਾਲ ਇੱਕ ਵੱਡੀ ਜ਼ਿੰਮੇਵਾਰੀ ਵੀ ਜੁੜੀ ਹੋਈ ਹੈ। ਜਿਸ ਪੰਜਾਬੀ ਪਛਾਣ ਨੂੰ ਸਾਡੀਆਂ ਪੁਰਾਣੀਆਂ ਪੀੜ੍ਹੀਆਂ ਨੇ ਦਹਾਕਿਆਂ ਦੀ ਮਿਹਨਤ ਅਤੇ ਇਮਾਨਦਾਰੀ ਨਾਲ ਸਥਾਪਤ ਕੀਤਾ, ਉਸ ਨੂੰ ਸੰਭਾਲਣਾ ਆਉਣ ਵਾਲੀਆਂ ਪੀੜ੍ਹੀਆਂ ਦਾ ਫ਼ਰਜ਼ ਹੈ। ਕਿਉਂਕਿ ਵਿਦੇਸ਼ਾਂ ਵਿੱਚ ਉੱਚੇ ਅਹੁਦੇ ਹਾਸਲ ਕਰਨਾ ਵੱਡੀ ਪ੍ਰਾਪਤੀ ਹੈ, ਪਰ ਆਪਣੀ ਕੌਮ ਦੀ ਇੱਜ਼ਤ ਅਤੇ ਭਰੋਸੇ ਨੂੰ ਕਾਇਮ ਰੱਖਣਾ ਉਸ ਤੋਂ ਵੀ ਵੱਡੀ ਜ਼ਿੰਮੇਵਾਰੀ ਹੈ।

ਤਰੱਕੀ ਦੇ ਨਾਲ ਪੰਜਾਬੀ ਪਛਾਣ ਅੱਗੇ ਨਵੀਂ ਚੁਣੌਤੀ ਪਰ ਇਸ ਚਮਕਦੀ ਤਸਵੀਰ ਦਾ ਇੱਕ ਦੂਜਾ ਪਾਸਾ ਵੀ ਹੈ, ਜਿਸ ਨੂੰ ਅਣਡਿੱਠਾ ਨਹੀਂ ਕੀਤਾ ਜਾ ਸਕਦਾ।

ਕਦੇ ਪੰਜਾਬ ਦੇ ਪਿੰਡਾਂ ਵਿੱਚੋਂ ਵਿਦੇਸ਼ ਜਾਣ ਵਾਲੇ ਨੌਜਵਾਨ ਆਪਣੇ ਨਾਲ ਮਿਹਨਤ, ਇਮਾਨਦਾਰੀ ਅਤੇ ਪਰਿਵਾਰ ਦੀ ਇੱਜ਼ਤ ਬਚਾਉਣ ਦਾ ਸੁਪਨਾ ਲੈ ਕੇ ਨਿਕਲਦੇ ਸਨ। ਕਈ ਪਰਿਵਾਰਾਂ ਨੇ ਆਪਣੀਆਂ ਜ਼ਮੀਨਾਂ ਗਹਿਣੇ ਰੱਖੀਆਂ, ਕਰਜ਼ੇ ਚੁੱਕੇ ਅਤੇ ਬੱਚਿਆਂ ਦੇ ਚੰਗੇ ਭਵਿੱਖ ਲਈ ਆਪਣੀ ਸਾਰੀ ਉਮਰ ਦੀ ਕਮਾਈ ਦਾਅ ਉੱਤੇ ਲਾ ਦਿੱਤੀ ਪਰ ਅੱਜ ਵਿਦੇਸ਼ ਜਾਣ ਦੀ ਅੰਨ੍ਹੀ ਦੌੜ, ਕਰਜ਼ਿਆਂ ਦਾ ਬੋਝ, ਛੇਤੀ ਅਮੀਰ ਬਣਨ ਦੀ ਲਾਲਸਾ ਅਤੇ ਗ਼ਲਤ ਸੰਗਤ ਕੁਝ ਨੌਜਵਾਨਾਂ ਨੂੰ ਅਜਿਹੇ ਰਾਹਾਂ ਵੱਲ ਧੱਕ ਰਹੀ ਹੈ, ਜਿੱਥੋਂ ਵਾਪਸੀ ਸੌਖੀ ਨਹੀਂ।

ਵਿਦੇਸ਼ਾਂ ਵਿੱਚ ਪੰਜਾਬੀ ਮੂਲ ਦੇ ਕੁਝ ਵਿਅਕਤੀਆਂ ਦੇ ਨਾਂ ਨਸ਼ਾ ਤਸਕਰੀ, ਫਿਰੌਤੀਆਂ, ਗੈਂਗਵਾਰ ਅਤੇ ਹੋਰ ਗੰਭੀਰ ਅਪਰਾਧਾਂ ਨਾਲ ਜੁੜੇ ਮਾਮਲਿਆਂ ਵਿੱਚ ਸਾਹਮਣੇ ਆਉਣੇ ਚਿੰਤਾ ਦਾ ਵਿਸ਼ਾ ਹਨ। ਕੁਝ ਲੋੜੀਂਦੇ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਵੱਡੇ ਇਨਾਮਾਂ ਦੇ ਐਲਾਨ ਵੀ ਹੁੰਦੇ ਰਹੇ ਹਨ।

ਇਹ ਹਾਲਾਤ ਉਸ ਪੰਜਾਬੀ ਸਮਾਜ ਲਈ ਸੋਚਣ ਦਾ ਸਮਾਂ ਹਨ, ਜਿਸ ਦੀਆਂ ਪੀੜ੍ਹੀਆਂ ਨੇ ਵਿਦੇਸ਼ਾਂ ਵਿੱਚ ਆਪਣੀ ਪਛਾਣ ਬਣਾਉਣ ਲਈ ਦਹਾਕਿਆਂ ਤੱਕ ਮਿਹਨਤ ਕੀਤੀ।

ਕਦੇ ਨਾਂ ਨਾਲ 'ਸਿੰਘ' ਲੱਗਿਆ ਹੋਣਾ ਭਰੋਸੇ ਦੀ ਪਛਾਣ ਮੰਨਿਆ ਜਾਂਦਾ ਸੀ

ਵਿਦੇਸ਼ਾਂ ਵਿੱਚ ਵਸੇ ਪੁਰਾਣੀ ਪੀੜ੍ਹੀ ਦੇ ਪੰਜਾਬੀਆਂ ਦੀਆਂ ਯਾਦਾਂ ਵਿੱਚ ਇੱਕ ਗੱਲ ਅਕਸਰ ਸੁਣਨ ਨੂੰ ਮਿਲਦੀ ਹੈ ਕਿ ਕਿਸੇ ਸਮੇਂ ਸਿੱਖਾਂ ਦੀ ਪੱਗ, ਦਾਹੜੀ ਅਤੇ ਨਾਂ ਨਾਲ ਲੱਗਿਆ 'ਸਿੰਘ' ਮਿਹਨਤ, ਵਫ਼ਾਦਾਰੀ ਅਤੇ ਭਰੋਸੇ ਨਾਲ ਜੋੜ ਕੇ ਵੇਖਿਆ ਜਾਂਦਾ ਸੀ।

ਇਹ ਭਰੋਸਾ ਕਿਸੇ ਨਾਂ ਕਾਰਨ ਨਹੀਂ, ਸਗੋਂ ਉਨ੍ਹਾਂ ਪੀੜ੍ਹੀਆਂ ਦੇ ਕਿਰਦਾਰ ਅਤੇ ਮਿਹਨਤ ਨਾਲ ਬਣਿਆ ਸੀ।

ਅੱਜ ਵੀ ਦੁਨੀਆ ਭਰ ਵਿੱਚ ਲੱਖਾਂ ਪੰਜਾਬੀ ਆਪਣੀ ਇਮਾਨਦਾਰੀ, ਸੇਵਾ ਅਤੇ ਮਿਹਨਤ ਨਾਲ ਇਹ ਵਿਰਾਸਤ ਸੰਭਾਲ ਰਹੇ ਹਨ ਪਰ ਕੁਝ ਵਿਅਕਤੀਆਂ ਦੀਆਂ ਅਪਰਾਧਿਕ ਸਰਗਰਮੀਆਂ ਕਾਰਨ ਸਮੁੱਚੇ ਭਾਈਚਾਰੇ ਦੀ ਸਾਖ ਉੱਤੇ ਸਵਾਲ ਉੱਠਣ ਦਾ ਖ਼ਤਰਾ ਬਣ ਜਾਂਦਾ ਹੈ।

ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਕਿਸੇ ਵਿਅਕਤੀ ਦੇ ਅਪਰਾਧ ਲਈ ਉਸਦੇ ਧਰਮ, ਨਾਂ ਜਾਂ ਸਮੁੱਚੇ ਭਾਈਚਾਰੇ ਨੂੰ ਜ਼ਿੰਮੇਵਾਰ ਨਹੀਂ ਠਹਿਰਾਇਆ ਜਾ ਸਕਦਾ। ਜੱਟ ਬਾਣੀਆ ਤਾਂ ਬਣ ਗਿਆ, ਪਰ ਕੀ ਆਪਣੀ ਅਸਲ ਪੂੰਜੀ ਸੰਭਾਲ ਸਕਿਆ?

ਸਵਾਲ ਇਹ ਨਹੀਂ ਕਿ ਪੰਜਾਬੀ ਨੇ ਹਲ ਛੱਡ ਕੇ ਦੁਕਾਨ ਕਿਉਂ ਖੋਲ੍ਹ ਲਈ। ਸਵਾਲ ਇਹ ਵੀ ਨਹੀਂ ਕਿ ਉਸਨੇ ਖੇਤੀ ਛੱਡ ਕੇ ਟਰੱਕਾਂ, ਪੈਟਰੋਲ ਪੰਪਾਂ ਜਾਂ ਵੱਡੇ ਕਾਰੋਬਾਰਾਂ ਵਿੱਚ ਕਿਉਂ ਕਦਮ ਰੱਖਿਆ।

ਸਵਾਲ ਤਾਂ ਇਹ ਹੈ ਕਿ ਜਿਸ ਪੰਜਾਬੀ ਨੇ ਆਪਣੀ ਮਿਹਨਤ ਨਾਲ ਦੁਨੀਆ ਵਿੱਚ ਨਾਮ ਕਮਾਇਆ, ਕੀ ਉਸ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਉਸੇ ਮਿਹਨਤ ਅਤੇ ਇਮਾਨਦਾਰੀ ਦੀ ਵਿਰਾਸਤ ਨੂੰ ਸੰਭਾਲ ਸਕਣਗੀਆਂ? ਪੰਜਾਬ ਦਾ ਕਿਸਾਨ ਪੁੱਤ ਵਪਾਰੀ ਬਣੇ, ਉਦਯੋਗਪਤੀ ਬਣੇ, ਟਰਾਂਸਪੋਰਟ ਦਾ ਬਾਦਸ਼ਾਹ ਬਣੇ ਜਾਂ ਅਮਰੀਕਾ ਵਿੱਚ ਪਿਸਤੇ-ਬਦਾਮਾਂ ਦੇ ਬਾਗ਼ਾਂ ਦਾ ਮਾਲਕ ਬਣੇ, ਇਹ ਮਾਣ ਵਾਲੀ ਗੱਲ ਹੈ ਪਰ ਜੇਕਰ ਉਸਦੀ ਅਗਲੀ ਪੀੜ੍ਹੀ ਦਾ ਕੋਈ ਹਿੱਸਾ ਮਿਹਨਤ ਦੀ ਥਾਂ ਅਪਰਾਧ ਦੇ ਰਾਹ ਪੈ ਜਾਵੇ, ਤਾਂ ਇਹ ਤਰੱਕੀ ਦੀ ਨਹੀਂ, ਸਗੋਂ ਸਮਾਜਿਕ ਨਿਘਾਰ ਦੀ ਨਿਸ਼ਾਨੀ ਹੋਵੇਗੀ।

ਕਦੇ ਬਾਣੀਏ ਨੇ ਜੱਟ ਢਾਹਿਆ ਸੀ ਤਾਂ ਜੱਟ ਕਹਿੰਦਾ ਸੀ, 'ਉੱਠ ਲੈਣ ਦੇ।' ਅੱਜ ਜੱਟ ਨੇ ਵਪਾਰ ਦੀ ਦੁਨੀਆ ਵਿੱਚ ਉੱਠ ਕੇ ਆਪਣੀ ਥਾਂ ਬਣਾ ਲਈ ਹੈ। ਹੁਣ ਲੋੜ ਇਸ ਗੱਲ ਦੀ ਹੈ ਕਿ ਉਹ ਆਪਣੀ ਅਗਲੀ ਪੀੜ੍ਹੀ ਨੂੰ ਵੀ ਇੱਜ਼ਤ ਨਾਲ ਖੜ੍ਹਨਾ ਸਿਖਾਵੇ।

ਕਿਉਂਕਿ ਦੁਨੀਆ ਦੇ ਬਾਜ਼ਾਰਾਂ ਵਿੱਚ ਪੈਸਾ ਕਮਾਉਣਾ ਇੱਕ ਸਫ਼ਲਤਾ ਹੈ, ਪਰ ਦੁਨੀਆ ਦੀਆਂ ਨਜ਼ਰਾਂ ਵਿੱਚ ਆਪਣਾ ਭਰੋਸਾ ਕਾਇਮ ਰੱਖਣਾ ਉਸ ਤੋਂ ਵੀ ਵੱਡੀ ਕਮਾਈ ਹੈ।

**-ਸਰਬਜੀਤ ਸਿੰਘ ਬਨੂੜ, ਲੰਡਨ**


ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ
ਪ੍ਰਕਾਸ਼ ਪੁਰਬ
ਨੂੰ ਸਮਰਪਿਤ ਸਮਾਗਮ ਗੁਰਦੁਆਰਾ ਸਿੰਘ ਸਭਾ ਘੱਗਾ ਵਿਖੇ
ਮਿਤੀ:-
25, ਅਤੇ 26 ਅਕਤੂਬਰ
ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ
ਦੀਵਾਨ
27 ਅਕਤੂਬਰ ਨੂੰ
ਸਵੇਰੇ 9 ਵਜੇ ਤੋਂ ਸਵੇਰੇ 11:30 ਵਜੇ ਤੱਕ
ਸਮਾਗਮ
ਗਿਆਨੀ ਰਵਿੰਦਰ ਸਿੰਘ (ਦਮਦਮੀ ਟਕਸਾਲ)
ਗਿਆਨੀ ਜਗਜੀਤ ਸਿੰਘ ਜੀ (ਹੈੱਡ ਗ੍ਰੰਥੀ ਗੁ: ਨਾਢਾ ਸਾਹਿਬ)
ਗਿਆਨੀ ਜਸਵੀਰ ਸਿੰਘ ਜੀ (ਖਤਰ)
ਬਾਬਾ ਬਲਜੀਤ ਸਿੰਘ ਜੀ (ਢੱਕਰ)
ਬਾਬਾ ਦਰਸ਼ਨ ਸਿੰਘ ਜੀ
ਗਿਆਨੀ ਦਰਿਆ ਸਿੰਘ ਜੀ
ਭਾਈ ਗੁਰਸੇਵਕ ਸਿੰਘ ਰੰਗੀਲਾ ਜੀ (ਹਜ਼ੂਰੀ ਜੱਥਾ ਗੁ: ਦਾਦੂ ਸਾਹਿਬ)
ਬਾਬਾ ਦਲਜੀਤ ਸਿੰਘ ਜੀ (ਬਰਾਸ ਵਾਲੇ)
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਆਪ ਜੀ ਨੇ ਇਹਨਾਂ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।
ਮੋ. 90411-47540, 90413-28422, 91150-66349
ਬਾਬਾ ਸੁਖਵਿੰਦਰ ਸਿੰਘ ਜੀ (ਘੱਗੇ ਵਾਲੇ)
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਸਾਧਸੰਗਤ, ਘੱਗਾ


7ਵਾਂ ਸਾਲਾਨਾ ਗੁਰਮਤਿ ਸਮਾਗਮ
ਪਿੰਡ ਸੰਗਤਪੁਰਾ ਮੋਹਾਲੀ
21 ਤੋਂ 25 ਅਕਤੂਬਰ 2026
ਸਮਾ: ਸ਼ਾਮ 6 ਤੋਂ 10 ਵਜੇ ਤੱਕ
ਦਸਤਾਰ ਬੰਦੀ ਮੁਕਾਬਲੇ
23 ਅਕਤੂਬਰ 2026 ਸਵੇਰ 10 ਵਜੇ
ਲੰਬੇ ਕੇਸ ਮੁਕਾਬਲੇ
ਅੰਮ੍ਰਿਤ ਸੰਚਾਰ
25 ਅਕਤੂਬਰ, ਸ਼ਾਮ 5 ਵਜੇ
ਸੰਗਤਾਂ ਲਈ ਬੱਸਾਂ ਦੀ ਸੇਵਾ
ਮੁਫ਼ਤ
ਲਗਾਈ ਜਾਵੇਗੀ
ਗੁਰੂ ਕਾ ਲੰਗਰ
ਅਤੁੱਟ ਵਰਤੇਗਾ
ਖੂਨਦਾਨ ਕੈਂਪ
23 ਅਕਤੂਬਰ, ਸਵੇਰੇ 10 ਵਜੇ
ਮੈਡੀਕਲ ਕੈਂਪ
5 ਦਿਨ
DARVESH TV
LIVE ON
ਸੰਪਰਕ :-
62845-76824
94642-46744
SCAN FOR LOCATION
ਬਾਬਾ ਇਸ਼ਰ ਸਿੰਘ ਜੀ
ਸੰਗਤਪੁਰੇ ਵਾਲੇ
ਵਿਸ਼ੇਸ਼ ਹਾਜ਼ਰੀ
ਸੰਤ ਬਾਬਾ ਗੁਲਾਬ ਸਿੰਘ ਜੀ
ਸ੍ਰੀ ਚਮਕੌਰ ਸਾਹਿਬ ਵਾਲੇ
ਬੇਨਤੀ ਕਰਤਾ :- ਬਾਬਾ ਇਸ਼ਰ ਸਿੰਘ ਜੀ ਸੰਗਤਪੁਰੇ ਵਾਲੇ ਅਤੇ ਸਮੂਹ ਇਲਾਕਾ ਨਿਵਾਸੀ ਪਿੰਡ ਸੰਗਤਪੁਰਾ


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ
ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar

ਸ੍ਰੀ ਦਰਬਾਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬ ਘਰ ਵਿਖੇ

# ਜਸਟਿਸ ਕੁਲਦੀਪ ਸਿੰਘ ਪਤਵਾਲੀਆ, ਭਾਈ ਗਜਿੰਦਰ ਸਿੰਘ ਅਤੇ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੀਆਂ ਤਸਵੀਰਾਂ ਸੁਸ਼ੋਭਿਤ





**ਅੰਮ੍ਰਿਤਸਰ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਕੌਮ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਦੀਆਂ ਪੰਥਕ ਸੇਵਾਵਾਂ ਅਤੇ ਸੰਘਰਸ਼ਮਈ ਜੀਵਨ ਨੂੰ ਸਤਿਕਾਰ ਦੇਣ ਦੇ ਮੰਤਵ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਸਮੂਹ ਸਥਿਤ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸੁਪਰੀਮ ਕੋਰਟ ਦੇ ਸਾਬਕਾ ਜੱਜ ਜਸਟਿਸ ਕੁਲਦੀਪ ਸਿੰਘ ਪਤਵਾਲੀਆ, ਦਲ ਖ਼ਾਲਸਾ ਦੇ ਬਾਨੀ ਭਾਈ ਗਜਿੰਦਰ ਸਿੰਘ, ਜਿਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ 'ਜਲਾਵਤਨੀ ਸਿੱਖ ਯੋਧਾ' ਦਾ ਖ਼ਿਤਾਬ ਦਿੱਤਾ ਗਿਆ ਸੀ, ਅਤੇ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੀਆਂ ਤਸਵੀਰਾਂ ਸੁਸ਼ੋਭਿਤ ਕੀਤੀਆਂ ਗਈਆਂ। ਇਸ ਮੌਕੇ ਧਾਰਮਿਕ ਸਮਾਗਮ ਉਪਰੰਤ ਸਿੰਘ ਸਾਹਿਬਾਨ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਤਿੰਨਾਂ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਤੋਂ ਪਰਦਾ ਹਟਾਉਣ ਦੀ ਰਸਮ ਨਿਭਾਈ ਗਈ। ਇਸ ਸਮਾਗਮ ਵਿੱਚ ਧਾਰਮਿਕ ਸ਼ਖ਼ਸੀਅਤਾਂ, ਪੰਥਕ ਆਗੂਆਂ, ਵੱਖ-ਵੱਖ ਖੇਤਰਾਂ ਨਾਲ ਸਬੰਧਤ ਪ੍ਰਮੁੱਖ ਵਿਅਕਤੀਆਂ ਅਤੇ ਸੰਗਤ ਨੇ ਸ਼ਮੂਲੀਅਤ ਕੀਤੀ।

## ਸ਼੍ਰੋਮਣੀ ਕਮੇਟੀ ਵੱਲੋਂ ਤਿੰਨ ਸਿੱਖ ਸ਼ਖ਼ਸੀਅਤਾਂ ਨੂੰ ਸਤਿਕਾਰ ਭੇਟ; ਧਾਰਮਿਕ ਸਮਾਗਮ ਉਪਰੰਤ ਹੋਈਆਂ ਤਸਵੀਰਾਂ ਸਥਾਪਤ

**ਭਾਈ ਗਜਿੰਦਰ ਸਿੰਘ ਦੀਆਂ ਪੰਥਕ ਸੇਵਾਵਾਂ ਨੂੰ ਸਤਿਕਾਰ** : ਭਾਈ ਗਜਿੰਦਰ ਸਿੰਘ ਸਿੱਖ ਪੰਥ ਦੀਆਂ ਉਨ੍ਹਾਂ ਸ਼ਖ਼ਸੀਅਤਾਂ ਵਿੱਚੋਂ ਸਨ, ਜਿਨ੍ਹਾਂ ਦਾ ਜੀਵਨ ਸਿੱਖ ਕੌਮ ਦੇ ਰਾਜਨੀਤਕ ਸੰਘਰਸ਼ ਅਤੇ ਜਲਾਵਤਨੀ ਨਾਲ ਜੁੜਿਆ ਰਿਹਾ। ਉਹ ਦਲ ਖ਼ਾਲਸਾ ਦੇ ਬਾਨੀ ਸਨ ਅਤੇ ਸਿੱਖ ਸੰਘਰਸ਼ ਵਿੱਚ ਆਪਣੀ ਭੂਮਿਕਾ ਕਾਰਨ ਜਾਣੇ ਜਾਂਦੇ ਸਨ। 29 ਸਤੰਬਰ 1981 ਨੂੰ ਭਾਈ ਗਜਿੰਦਰ ਸਿੰਘ ਆਪਣੇ ਸਾਥੀਆਂ ਸਮੇਤ ਇੰਡੀਅਨ ਏਅਰਲਾਈਨਜ਼ ਦੇ ਇੱਕ ਜਹਾਜ਼ ਨੂੰ ਅਗਵਾ ਕਰਕੇ ਲਾਹੌਰ ਲੈ ਗਏ ਸਨ। ਇਸ ਕਾਰਵਾਈ ਦਾ ਉਦੇਸ਼ ਉਸ ਸਮੇਂ ਦਮਦਮੀ ਟਕਸਾਲ ਦੇ ਮੁਖੀ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਰਿਹਾਈ ਦੀ ਮੰਗ ਕਰਨਾ ਸੀ। ਇਸ ਘਟਨਾ ਤੋਂ ਬਾਅਦ ਭਾਈ ਗਜਿੰਦਰ ਸਿੰਘ ਨੇ ਆਪਣੀ ਜ਼ਿੰਦਗੀ ਦਾ ਲੰਮਾ ਸਮਾਂ ਪਾਕਿਸਤਾਨ ਵਿੱਚ ਜਲਾਵਤਨੀ ਦੌਰਾਨ ਬਿਤਾਇਆ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਉਨ੍ਹਾਂ ਦੀਆਂ ਪੰਥਕ ਸੇਵਾਵਾਂ ਦੇ ਮੱਦੇਨਜ਼ਰ ਉਨ੍ਹਾਂ ਨੂੰ 'ਜਲਾਵਤਨੀ ਸਿੱਖ ਯੋਧਾ' ਦਾ ਖ਼ਿਤਾਬ ਦੇਣ ਦਾ ਫ਼ੈਸਲਾ ਕੀਤਾ ਗਿਆ ਸੀ। ਜੁਲਾਈ 2024 ਵਿੱਚ ਪਾਕਿਸਤਾਨ ਵਿੱਚ ਉਨ੍ਹਾਂ ਦਾ ਅਕਾਲ ਚਲਾਣਾ ਹੋ ਗਿਆ ਸੀ। ਕੇਂਦਰੀ ਸਿੱਖ ਅਜਾਇਬ ਘਰ ਵਿੱਚ ਉਨ੍ਹਾਂ ਦੀ ਤਸਵੀਰ ਸਥਾਪਤ ਕੀਤੇ ਜਾਣ ਨੂੰ ਉਨ੍ਹਾਂ ਦੇ ਜੀਵਨ, ਪੰਥਕ ਸਰਗਰਮੀਆਂ ਅਤੇ ਸਿੱਖ ਸੰਘਰਸ਼ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਯਾਦ ਕਰਨ ਦੇ ਇੱਕ ਮਹੱਤਵਪੂਰਨ ਮੌਕੇ ਵਜੋਂ ਦੇਖਿਆ ਜਾ ਰਿਹਾ ਹੈ।

**ਜਸਟਿਸ ਕੁਲਦੀਪ ਸਿੰਘ ਪਤਵਾਲੀਆ ਦੀ ਨਿਆਂਇਕ ਸੇਵਾ ਨੂੰ ਸਨਮਾਨ**-ਕੇਂਦਰੀ ਸਿੱਖ ਅਜਾਇਬ ਘਰ ਵਿੱਚ ਜਸਟਿਸ ਕੁਲਦੀਪ ਸਿੰਘ ਪਤਵਾਲੀਆ ਦੀ ਤਸਵੀਰ ਵੀ ਸੁਸ਼ੋਭਿਤ ਕੀਤੀ ਗਈ। ਉਹ ਭਾਰਤ ਦੀ ਸੁਪਰੀਮ ਕੋਰਟ ਦੇ ਸਾਬਕਾ ਜੱਜ ਸਨ ਅਤੇ ਨਿਆਂਇਕ ਖੇਤਰ ਵਿੱਚ ਆਪਣੀਆਂ ਸੇਵਾਵਾਂ ਲਈ ਜਾਣੇ ਜਾਂਦੇ ਸਨ। ਉਨ੍ਹਾਂ ਦੀ ਤਸਵੀਰ ਨੂੰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਸਥਾਪਤ ਕਰਨਾ ਸਿੱਖ ਭਾਈਚਾਰੇ ਨਾਲ ਸਬੰਧਤ ਅਜਿਹੀਆਂ ਸ਼ਖ਼ਸੀਅਤਾਂ ਨੂੰ ਯਾਦ ਕਰਨ ਦਾ ਉਪਰਾਲਾ ਹੈ, ਜਿਨ੍ਹਾਂ ਨੇ ਆਪਣੇ ਕਾਰਜ-ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਇਸ ਉਪਰਾਲੇ ਰਾਹੀਂ ਸਿੱਖ ਕੌਮ ਦੇ ਇਤਿਹਾਸ ਵਿੱਚ ਨਿਆਂਇਕ ਅਤੇ ਸਮਾਜਿਕ ਖੇਤਰ ਦੀਆਂ ਸ਼ਖ਼ਸੀਅਤਾਂ ਦੀ ਭੂਮਿਕਾ ਨੂੰ ਵੀ ਯਾਦ ਕੀਤਾ ਗਿਆ।

**ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੀ ਯਾਦ ਨੂੰ ਸਮਰਪਿਤ ਉਪਰਾਲਾ**-ਇਸੇ ਸਮਾਗਮ ਦੌਰਾਨ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੀ ਤਸਵੀਰ ਵੀ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਸੁਸ਼ੋਭਿਤ ਕੀਤੀ ਗਈ। ਉਨ੍ਹਾਂ ਨੂੰ ਸਿੱਖ ਕੌਮ ਦੀਆਂ ਉਨ੍ਹਾਂ ਸ਼ਖ਼ਸੀਅਤਾਂ ਵਿੱਚ ਯਾਦ ਕੀਤਾ ਜਾਂਦਾ ਹੈ, ਜਿਨ੍ਹਾਂ ਦਾ ਨਾਮ ਪੰਥਕ ਸੰਘਰਸ਼ ਅਤੇ ਕੁਰਬਾਨੀ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਦੀ ਤਸਵੀਰ ਦੀ ਸਥਾਪਨਾ ਨਾਲ ਸਿੱਖ ਇਤਿਹਾਸ ਅਤੇ ਪੰਥਕ ਯਾਦਾਂ ਨਾਲ ਜੁੜੀ ਇੱਕ ਹੋਰ ਸ਼ਖ਼ਸੀਅਤ ਨੂੰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਸਥਾਨ ਮਿਲਿਆ ਹੈ।

**ਧਾਰਮਿਕ ਅਤੇ ਪੰਥਕ ਸ਼ਖ਼ਸੀਅਤਾਂ ਨੇ ਕੀਤੀ ਸ਼ਮੂਲੀਅਤ**-ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਬਲਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾ, ਦਲ ਖ਼ਾਲਸਾ ਨਾਲ ਸਬੰਧਤ ਭਾਈ ਕੰਵਰਪਾਲ ਸਿੰਘ ਬਿੱਟੂ ਅਤੇ ਪਰਮਜੀਤ ਸਿੰਘ ਮੰਡ, ਭਾਈ ਪ੍ਰੇਮ ਸਿੰਘ, ਬਾਬਾ ਗੁਰਪ੍ਰੀਤ ਸਿੰਘ ਖਡੂਰ ਸਾਹਿਬ, ਬੀਬੀ ਸਤਵੰਤ ਕੌਰ, ਮੁੱਖ ਮੈਨੇਜਰ ਮੇਜਰ ਸਿੰਘ, ਮੈਨੇਜਰ ਰਜਿੰਦਰ ਸਿੰਘ ਰੂਬੀ, ਗੁਰਤਿੰਦਰ ਸਿੰਘ, ਭਾਈ ਦਲਜੀਤ ਸਿੰਘ ਬਿੱਟੂ ਅਤੇ ਭਾਈ ਮੋਹਕਮ ਸਿੰਘ ਸਮੇਤ ਹੋਰ ਪ੍ਰਮੁੱਖ ਵਿਅਕਤੀ ਅਤੇ ਸੰਗਤਾਂ ਹਾਜ਼ਰ ਸਨ।

**ਕੇਂਦਰੀ ਸਿੱਖ ਅਜਾਇਬ ਘਰ ਦਾ ਇਤਿਹਾਸਕ ਮਹੱਤਵ**-ਸ੍ਰੀ ਦਰਬਾਰ ਸਾਹਿਬ ਸਮੂਹ ਵਿੱਚ ਸਥਿਤ ਕੇਂਦਰੀ ਸਿੱਖ ਅਜਾਇਬ ਘਰ ਸਿੱਖ ਇਤਿਹਾਸ, ਧਾਰਮਿਕ ਵਿਰਾਸਤ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਪੰਥਕ ਸੰਘਰਸ਼ਾਂ ਨਾਲ ਜੁੜੀਆਂ ਯਾਦਾਂ ਨੂੰ ਸੰਭਾਲਣ ਵਾਲਾ ਮਹੱਤਵਪੂਰਨ ਸਥਾਨ ਹੈ। ਇੱਥੇ ਸਮੇਂ-ਸਮੇਂ 'ਤੇ ਸਿੱਖ ਇਤਿਹਾਸ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਸੁਸ਼ੋਭਿਤ ਕੀਤੀਆਂ ਜਾਂਦੀਆਂ ਹਨ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਉਨ੍ਹਾਂ ਦੇ ਜੀਵਨ ਅਤੇ ਯੋਗਦਾਨ ਤੋਂ ਜਾਣੂ ਹੋ ਸਕਣ। ਤਿੰਨ ਸਿੱਖ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਸਥਾਪਤ ਕੀਤੇ ਜਾਣ ਨਾਲ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਸਿੱਖ ਕੌਮ ਦੇ ਵੱਖ-ਵੱਖ ਖੇਤਰਾਂ ਨਾਲ ਸਬੰਧਤ ਵਿਅਕਤੀਆਂ ਦੀ ਯਾਦ ਨੂੰ ਸੰਭਾਲਣ ਦੇ ਉਪਰਾਲੇ ਨੂੰ ਅੱਗੇ ਵਧਾਇਆ ਗਿਆ ਹੈ। ਇਸ ਤਰ੍ਹਾਂ ਅੱਜ ਦਾ ਸਮਾਗਮ ਜਸਟਿਸ ਕੁਲਦੀਪ ਸਿੰਘ ਪਤਵਾਲੀਆ, ਭਾਈ ਗਜਿੰਦਰ ਸਿੰਘ ਅਤੇ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੀ ਯਾਦ ਨੂੰ ਸਮਰਪਿਤ ਰਿਹਾ। ਇਨ੍ਹਾਂ ਤਸਵੀਰਾਂ ਰਾਹੀਂ ਸਿੱਖ ਕੌਮ ਦੇ ਇਤਿਹਾਸ ਨਾਲ ਜੁੜੀਆਂ ਸ਼ਖ਼ਸੀਅਤਾਂ ਨੂੰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਸਥਾਨ ਦੇ ਕੇ ਉਨ੍ਹਾਂ ਦੀਆਂ ਸੇਵਾਵਾਂ ਅਤੇ ਜੀਵਨ-ਸਫ਼ਰ ਨੂੰ ਯਾਦ ਕਰਨ ਦਾ ਉਪਰਾਲਾ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਕੈਨੇਡਾ 'ਚ ਖ਼ਾਲਿਸਤਾਨ ਰੈਫਰੈਂਡਮ ਦੇ ਪ੍ਰਬੰਧਕ ਅਵਤਾਰ ਸਿੰਘ ਪੰਨੂੰ ਦੀ ਜਾਨ ਨੂੰ ਖ਼ਤਰਾ, RCMP ਵੱਲੋਂ ਚਿਤਾਵਨੀ

## ਐਡਮੰਟਨ ਵਿੱਚ 18 ਅਕਤੂਬਰ ਨੂੰ ਹੋਣ ਵਾਲੇ ਖ਼ਾਲਿਸਤਾਨ ਰੈਫਰੈਂਡਮ ਤੋਂ ਪਹਿਲਾਂ ਸੁਰੱਖਿਆ ਸਬੰਧੀ ਚਿੰਤਾਵਾਂ ਵਧੀਆਂ



ਡੈਲਟਾ, 10 ਅਕਤੂਬਰ (ਸਰਬਜੀਤ ਸਿੰਘ ਬਨੂੜ)-ਕੈਨੇਡਾ ਦੀ ਰਾਇਲ ਕੈਨੇਡੀਅਨ ਮਾਊਂਟਿਡ ਪੁਲਸ (RCMP) ਵੱਲੋਂ ਸਿੱਖਸ ਫਾਰ ਜਸਟਿਸ ਦੇ ਆਗੂ ਅਵਤਾਰ ਸਿੰਘ ਪੰਨੂੰ ਨੂੰ ਜਾਨ ਦੇ ਖ਼ਤਰੇ ਸਬੰਧੀ Duty to Warn ਚਿਤਾਵਨੀ ਦਿੱਤੇ ਜਾਣ ਦੀ ਖ਼ਬਰ ਸਾਹਮਣੇ ਆਈ ਹੈ। ਸਿੱਖਸ ਫਾਰ ਜਸਟਿਸ ਨੇ ਦੱਸਿਆ ਕਿ ਪੁਲਸ ਨੇ ਪੰਨੂੰ ਦੀ ਜਾਨ ਵਿਰੁੱਧ ਧਮਕੀ ਹੋਣ ਦੀ ਪੁਸ਼ਟੀ ਕੀਤੀ ਹੈ। ਅਵਤਾਰ ਸਿੰਘ ਪੰਨੂੰ ਨੇ ਕਿਹਾ ਕਿ ਹਿੰਸਾ ਜਾਂ ਮੌਤ ਦੀਆਂ ਧਮਕੀਆਂ ਉਨ੍ਹਾਂ ਨੂੰ ਸਿੱਖ ਆਜ਼ਾਦੀ ਲਈ ਚੱਲ ਰਹੀ ਮੁਹਿੰਮ ਤੋਂ ਪਿੱਛੇ ਨਹੀਂ ਹਟਾ ਸਕਦੀਆਂ। ਕੈਨੇਡਾ ਦੇ ਸਰਕਾਰੀ ਦਸਤਾਵੇਜ਼ਾਂ ਮੁਤਾਬਕ RCMP ਪਹਿਲਾਂ ਵੀ ਖ਼ਾਲਿਸਤਾਨ ਪੱਖੀ ਕਾਰਕੁਨਾਂ ਨੂੰ ਮਿਲੀਆਂ ਗੰਭੀਰ ਧਮਕੀਆਂ ਅਤੇ ਵਿਦੇਸ਼ੀ ਦਖ਼ਲਅੰਦਾਜ਼ੀ ਬਾਰੇ ਚਿੰਤਾ ਪ੍ਰਗਟ ਕਰ ਚੁੱਕੀ ਹੈ ਜਿਨਾ ਵਿੱਚ ਜਿਆਦਾਤਰ ਆਗੂ ਖਾਲਿਸਤਾਨ ਪੱਖੀ ਸਿੱਖਸ ਫਾਰ ਜਸਟਿਸ ਨਾਲ ਸੰਬੰਧਿਤ ਹਨ।

# ਐੱਸ.ਆਈ. ਪਰਮਿੰਦਰ ਸਿੰਘ ਨੇ ਥਾਣਾ ਮਹਿਤਾ ਦੇ ਐਸ.ਐਚ.ਓ. ਵਜੋਂ ਚਾਰਜ ਸੰਭਾਲਿਆ



**ਚੌਕ ਮਹਿਤਾ, 10 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇੰਸਪੈਕਟਰ ਸਿਮਰਨਜੀਤ ਕੌਰ ਦੇ ਤਬਾਦਲੇ ਤੋਂ ਬਾਅਦ ਸਬ ਇੰਸਪੈਕਟਰ ਪਰਮਿੰਦਰ ਸਿੰਘ ਨੇ ਥਾਣਾ ਮਹਿਤਾ ਵਿਖੇ ਨਵੇਂ ਐਸ.ਐਚ.ਓ. ਵਜੋਂ ਆਪਣਾ ਚਾਰਜ ਸੰਭਾਲ ਲਿਆ ਹੈ। ਚਾਰਜ ਸੰਭਾਲਣ ਉਪਰੰਤ ਉਨ੍ਹਾਂ ਸਪੱਸ਼ਟ ਕੀਤਾ ਕਿ ਇਲਾਕੇ ਵਿੱਚ ਨਸ਼ਿਆਂ ਦੇ ਕਾਰੋਬਾਰ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਅੱਜ ਇੱਥੇ ਗੱਲਬਾਤ ਕਰਦਿਆਂ ਐਸ.ਐਚ.ਓ. ਪਰਮਿੰਦਰ ਸਿੰਘ ਨੇ ਕਿਹਾ ਕਿ ਇਲਾਕੇ ਅੰਦਰ ਕਿਸੇ ਵੀ ਵਿਅਕਤੀ ਨੂੰ ਗੈਰ-ਕਾਨੂੰਨੀ ਗਤੀਵਿਧੀਆਂ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ ਅਤੇ ਇਲਾਕੇ ਵਿੱਚ ਅਮਨ-ਸ਼ਾਂਤੀ ਬਣਾਈ ਰੱਖਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਮਹਿਤਾ ਪੁਲਿਸ ਲੋਕਾਂ ਦੀ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਕਾਇਮ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਅਤੇ ਹੋਰ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਠੱਲ੍ਹ ਪਾਉਣ ਲਈ ਪੁਲਿਸ ਦਾ ਸਹਿਯੋਗ ਕਰਨ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਸਬੰਧੀ ਪੁਲਿਸ ਨੂੰ ਸੂਚਿਤ ਕਰਨ। ਐਸ.ਐਚ.ਓ. ਨੇ ਕਿਹਾ ਕਿ ਪੁਲਿਸ ਅਤੇ ਲੋਕਾਂ ਦੇ ਆਪਸੀ ਸਹਿਯੋਗ ਨਾਲ ਹੀ ਨਸ਼ਾ ਮੁਕਤ ਅਤੇ ਸੁਰੱਖਿਅਤ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ।

# ਮੁਲਾਜ਼ਮਾਂ ਦੇ ਹੱਕ ਦਾ ਪੈਸਾ ਦੇਣ ਦੀ ਬਜਾਏ ਮਹਿੰਗੇ ਵਕੀਲਾਂ ਦੀਆਂ ਫੀਸਾਂ ਭਰੀਆਂ ਜਾ ਰਹੀਆਂ ਹਨ - ਸ ਗੁਰਪ੍ਰਤਾਪ ਸਿੰਘ ਵਡਾਲਾ

## ਮੁੱਖ ਸਕੱਤਰ ਖਿਲਾਫ ਅਦਾਲਤੀ ਮਾਨਹਾਨੀ ਕਾਰਵਾਈ ਸਰਕਾਰ ਲਈ ਨਾਮੋਸ਼ੀ ਜਨਕ



**ਚੰਡੀਗੜ੍ਹ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਕਿਹਾ ਕਿ ਕਿੰਨੀ ਸ਼ਰਮਨਾਕ ਗੱਲ ਹੈ ਕਿ ਹਾਈਕੋਰਟ, ਪੰਜਾਬ ਦੇ ਮੁੱਖ ਸਕੱਤਰ ਖਿਲਾਫ ਅਦਾਲਤੀ ਹੁਕਮਾਂ ਦੀ ਅਵਹੇਲਨਾ ਦਾ ਮਾਮਲਾ ਅੱਗੇ ਵਧਾ ਰਹੀ ਹੈ। ਸ ਵਡਾਲਾ ਨੇ ਕਿਹਾ ਕਿ ਮੁਲਾਜ਼ਮਾਂ ਦਾ ਡੀ ਏ ਦੇਣ ਤੋਂ ਸਰਕਾਰ ਇਨਕਾਰੀ ਹੋਈ ਹੈ। ਇਸ ਲਈ ਇਹ ਕਾਰਵਾਈ ਵਿਤ ਮੰਤਰੀ ਪੰਜਾਬ ਦੇ ਖਿਲਾਫ ਹੋਣੀ ਚਾਹੀਦੀ ਸੀ ਜੋ ਪ੍ਰੈੱਸ ਕਾਨਫਰੰਸਾਂ ਵਿੱਚ "ਪੈਸਾ ਦਿਤਾ-ਗਾ, ਦੇਣਾ-ਗਾ" ਕਰਦਾ ਸੀ। ਪਰ ਅਦਾਲਤ ਵਿੱਚ ਝੂਠ ਬੋਲਣ ਲਈ ਮੁੱਖ ਸਕੱਤਰ ਨੂੰ ਅੱਗੇ ਕਰ ਦਿੱਤਾ ਗਿਆ, ਜਿਸ ਦੀ ਸਜਾ ਉਸਨੂੰ ਭੁਗਤਣੀ ਪਵੇਗੀ। ਮੁਲਾਜ਼ਮਾਂ ਨੂੰ ਪੈਸੇ ਨਾ ਦੇਣੇ ਪੈਣ, ਇਸ ਲਈ ਸਰਕਾਰ ਵੱਲੋਂ ਸੁਪਰੀਮ ਕੋਰਟ ਵਿੱਚ ਮਹਿੰਗੇ ਵਕੀਲਾਂ ਦੀਆਂ ਮੂੰਹ ਮੰਗੀਆਂ ਫੀਸਾਂ ਭਰੀਆਂ ਜਾ ਰਹੀਆਂ ਹਨ। ਪਰ ਅਦਾਲਤੀ ਹੁਕਮਾਂ ਦੇ ਬਾਵਜੂਦ ਆਪਣੀਆਂ ਫਜ਼ੂਲ ਖਰਚੀਆਂ 'ਤੇ ਕੋਈ ਬੰਦਿਸ਼ ਨਹੀਂ ਲਾਈ। ਸ ਵਡਾਲਾ ਨੇ ਕਿਹਾ ਕਿ ਚੋਣ ਪ੍ਰਚਾਰ ਖਾਤਿਰ ਮੁਫਤਖੋਰੀਆਂ ਕਰਨ ਲਈ ਸਰਕਾਰ ਕੋਲ ਪੈਸਾ ਹੈ, ਆਪਣੇ ਆਗੂਆਂ ਦੇ ਫਜ਼ੂਲ ਖਰਚਿਆਂ ਤੋਂ ਲੈ ਕੇ ਉਹਨਾਂ ਦੇ ਰਿਸ਼ਵਤਖੋਰੀ ਦੇ ਕੇਸ ਲੜਨ ਲਈ ਵੀ ਵਾਧੂ ਪੈਸਾ ਹੈ, ਪਰ ਦਿਨ ਰਾਤ ਲੋਕਾਂ ਲਈ ਕੰਮ ਕਰਨ ਵਾਲੇ ਮੁਲਾਜ਼ਮਾਂ ਦਾ ਪੈਸਾ ਦੇਣ ਦੀ ਬਜਾਏ ਸੁਪਰੀਮ ਕੋਰਟ ਦਾ ਰੁਖ ਅਖਤਿਆਰ ਕੀਤਾ ਗਿਆ। ਜੋ ਸਾਬਤ ਕਰਦਾ ਹੈ ਕਿ ਆਮ ਆਦਮੀ ਦੇ ਨਾਮ 'ਤੇ ਬਣੀ ਇਹ ਸਰਕਾਰ ਆਮ ਆਦਮੀ ਦੀ ਕਿੰਨੀ ਵਿਰੋਧੀ ਹੈ। ਸ ਵਡਾਲਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਆਉਣ ਵਾਲੀਆਂ ਚੋਣਾਂ ਵਿੱਚ ਸਭ ਕੁੱਝ ਯਾਦ ਰੱਖਣ ਤਾਂ ਜੋ ਝੂਠ ਬੋਲਣ ਵਾਲਿਆਂ ਨਾਲ ਸਹੀ ਤਰੀਕੇ ਨਾਲ ਨਜਿੱਠਿਆ ਜਾ ਸਕੇ। ਬਿਆਨ ਦੇ ਅਖੀਰ ਵਿੱਚ ਉਹਨਾਂ ਮੰਗ ਕੀਤੀ ਕਿ ਮੁੱਖ ਸਕੱਤਰ ਖਿਲਾਫ ਹੋਣ ਵਾਲੀ ਅਦਾਲਤੀ ਕਾਰਵਾਈ ਦੀ ਸਰਕਾਰ ਨੂੰ ਜਿੰਮੇਵਾਰ ਲੈਣੀ ਚਾਹੀਦੀ ਹੈ। ਅਤੇ ਵਿਤ ਮੰਤਰੀ ਨੂੰ ਡਿਸਮਿਸ ਕਰਨਾ ਚਾਹੀਦਾ ਹੈ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

### ਕਿਊਬਿਕ ਦੀ ਆਜ਼ਾਦੀ ਪੱਖੀ ਪਾਰਟੀ ਦੀ ਚੋਣ ਜਿੱਤ 'ਤੇ

# ਪੰਨੂੰ ਵੱਲੋਂ ਪਲਾਮੋਂਡੋਂ ਨੂੰ ਵਧਾਈ




ਐਡਮੰਟਨ/ਲੰਡਨ (ਸਰਬਜੀਤ ਸਿੰਘ ਬਨੂੜ)– ਕੈਨੇਡਾ ਦੇ ਕਿਊਬਿਕ ਸੂਬੇ ਵਿੱਚ ਆਜ਼ਾਦੀ ਪੱਖੀ ਪਾਰਟੀ ਕਿਊਬੇਕਵਾ ਦੀ ਵਿਧਾਨ ਸਭਾ ਚੋਣਾਂ ਵਿੱਚ ਜਿੱਤ ਤੋਂ ਬਾਅਦ ਸਿੱਖਸ ਫਾਰ ਜਸਟਿਸ (SFJ) ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂੰ ਨੇ ਪਾਰਟੀ ਦੇ ਆਗੂ ਅਤੇ ਕਿਊਬਿਕ ਦੇ ਮਨੋਨੀਤ ਪ੍ਰੀਮੀਅਰ ਪਾਲ ਸੇਂਟ-ਪੀਅਰ ਪਲਾਮੋਂਡੋਂ ਨੂੰ ਵਧਾਈ ਦਿੱਤੀ ਹੈ। ਇਸ ਦੇ ਨਾਲ ਹੀ ਪੰਨੂ ਨੇ ਪਲਾਮੋਂਡੋਂ ਅਤੇ ਉਨ੍ਹਾਂ ਦੀ ਪਾਰਟੀ ਦੇ ਨੁਮਾਇੰਦਿਆਂ ਨੂੰ 18 ਅਕਤੂਬਰ 2026 ਨੂੰ ਕੈਨੇਡਾ ਦੇ ਐਡਮੰਟਨ ਸ਼ਹਿਰ ਵਿੱਚ ਕਰਵਾਏ ਜਾਣ ਵਾਲੇ ਖ਼ਾਲਿਸਤਾਨ ਰੈਫਰੈਂਡਮ ਵਿੱਚ ਅੰਤਰਰਾਸ਼ਟਰੀ ਨਿਗਰਾਨਾਂ ਵਜੋਂ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ।

**☛ ਸਿੱਖਸ ਫਾਰ ਜਸਟਿਸ ਵੱਲੋਂ 18 ਅਕਤੂਬਰ ਨੂੰ ਐਡਮੰਟਨ 'ਚ ਹੋਣ ਵਾਲੇ ਖ਼ਾਲਿਸਤਾਨ ਰੈਫਰੈਂਡਮ ਲਈ ਪਾਰਟੀ ਕਿਊਬੇਕਵਾ ਦੇ ਆਗੂਆਂ ਨੂੰ ਨਿਗਰਾਨ ਵਜੋਂ ਸੱਦਾ ☛ ਕੈਨੇਡਾ 'ਚ ਕਿਊਬਿਕ ਦੀ ਆਜ਼ਾਦੀ ਲਈ ਚੋਣਾਂ ਤੇ ਰੈਫਰੈਂਡਮ ਦੀ ਵਕਾਲਤ ਸੰਭਵ, ਪਰ ਭਾਰਤ 'ਚ ਖ਼ਾਲਿਸਤਾਨ ਦੀ ਸ਼ਾਂਤਮਈ ਮੰਗ ਨੂੰ ਅੱਤਵਾਦ ਨਾਲ ਜੋੜਿਆ ਜਾਂਦਾ ਹੈ - ਪੰਨੂੰ**

ਜ਼ਿਕਰਯੋਗ ਹੈ ਕਿ ਕਿਊਬਿਕ ਵਿੱਚ ਹੋਈਆਂ ਚੋਣਾਂ ਦੌਰਾਨ ਪਾਰਟੀ ਕਿਊਬੇਕਵਾ ਨੇ 127 ਮੈਂਬਰੀ ਵਿਧਾਨ ਸਭਾ ਵਿੱਚ 59 ਸੀਟਾਂ ਜਿੱਤ ਕੇ ਸਭ ਤੋਂ ਵੱਡੀ ਪਾਰਟੀ ਵਜੋਂ ਸਥਾਨ ਹਾਸਲ ਕੀਤਾ ਹੈ। ਹਾਲਾਂਕਿ ਪਾਰਟੀ ਪੂਰਨ ਬਹੁਮਤ ਤੋਂ ਪੰਜ ਸੀਟਾਂ ਪਿੱਛੇ ਰਹੀ ਹੈ ਅਤੇ ਉਸ ਨੂੰ ਘੱਟਗਿਣਤੀ ਸਰਕਾਰ ਚਲਾਉਣ ਲਈ ਹੋਰ ਪਾਰਟੀਆਂ ਦੇ ਸਹਿਯੋਗ ਦੀ ਲੋੜ ਪਵੇਗੀ।

ਪੰਨੂੰ ਨੇ ਕਿਹਾ ਕਿ ਪਾਰਟੀ ਕਿਊਬੇਕਵਾ ਲੰਮੇ ਸਮੇਂ ਤੋਂ ਕਿਊਬਿਕ ਦੇ ਲੋਕਾਂ ਦੇ ਆਪਣੇ ਰਾਜਨੀਤਕ ਭਵਿੱਖ ਦਾ ਫ਼ੈਸਲਾ ਖ਼ੁਦ ਕਰਨ ਦੇ ਜਮਹੂਰੀ ਅਧਿਕਾਰ ਦੀ ਵਕਾਲਤ ਕਰਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ ਪਲਾਮੋਂਡੋਂ ਦੀ ਚੋਣ ਜਿੱਤ ਇਸ ਗੱਲ ਨੂੰ ਦਰਸਾਉਂਦੀ ਹੈ ਕਿ ਕੈਨੇਡਾ ਦੀ ਲੋਕਤੰਤਰੀ ਪ੍ਰਣਾਲੀ ਵਿੱਚ ਆਜ਼ਾਦੀ ਦੀ ਮੰਗ ਕਰਨ ਵਾਲੀਆਂ ਰਾਜਨੀਤਕ ਪਾਰਟੀਆਂ ਚੋਣਾਂ ਲੜ ਸਕਦੀਆਂ ਹਨ ਅਤੇ ਸਰਕਾਰ ਬਣਾਉਣ ਦੀ ਪ੍ਰਕਿਰਿਆ ਵਿੱਚ ਹਿੱਸਾ ਲੈ ਸਕਦੀਆਂ ਹਨ। ਪੰਨੂੰ ਨੇ ਪਲਾਮੋਂਡੋਂ ਦੇ ਜਿੱਤ ਸਬੰਧੀ ਭਾਸ਼ਣ ਦਾ ਹਵਾਲਾ ਦਿੰਦਿਆਂ ਕਿਹਾ ਕਿ ਉਨ੍ਹਾਂ ਦਾ ਇਹ ਸੁਨੇਹਾ ਕਿ ਇੱਕ ਦਿਨ ਵੱਖਰੇ ਰਾਸ਼ਟਰ ਬਣਨ ਦਾ ਸੁਪਨਾ ਸਾਕਾਰ ਹੋਵੇਗਾ, ਉਨ੍ਹਾਂ ਸਿੱਖਾਂ ਦੀਆਂ ਰਾਜਨੀਤਕ ਇੱਛਾਵਾਂ ਨਾਲ ਵੀ ਮੇਲ ਖਾਂਦਾ ਹੈ ਜੋ ਭਾਰਤੀ ਸ਼ਾਸਨ ਅਧੀਨ ਪੰਜਾਬ ਨੂੰ ਇੱਕ ਆਜ਼ਾਦ ਦੇਸ਼ ਬਣਾਉਣ ਦੀ ਮੰਗ ਕਰ ਰਹੇ ਹਨ।

ਪੰਨੂੰ ਨੇ ਕੈਨੇਡਾ ਅਤੇ ਭਾਰਤ ਦੀਆਂ ਰਾਜਨੀਤਕ ਪ੍ਰਣਾਲੀਆਂ ਦੀ ਤੁਲਨਾ ਕਰਦਿਆਂ ਦੋਸ਼ ਲਾਇਆ ਕਿ ਕੈਨੇਡਾ ਵਿੱਚ ਕਿਊਬਿਕ ਦੀ ਆਜ਼ਾਦੀ ਲਈ ਚੋਣਾਂ ਲੜਨ, ਸਰਕਾਰ ਬਣਾਉਣ ਅਤੇ ਰੈਫਰੈਂਡਮ ਦੀ ਮੰਗ ਕਰਨ ਦੀ ਇਜਾਜ਼ਤ ਹੈ। ਇਸੇ ਤਰ੍ਹਾਂ ਅਲਬਰਟਾ ਵਿੱਚ ਵੀ ਵੱਖਰੇ ਰਾਜ ਦੀ ਮੰਗ ਜਨਤਕ ਰਾਜਨੀਤਕ ਬਹਿਸ ਦਾ ਹਿੱਸਾ ਬਣੀ ਹੋਈ ਹੈ, ਜਦਕਿ ਭਾਰਤ ਵਿੱਚ ਮੋਦੀ ਸਰਕਾਰ ਖ਼ਾਲਿਸਤਾਨ ਰੈਫਰੈਂਡਮ ਦੀ ਸ਼ਾਂਤਮਈ ਵਕਾਲਤ ਨੂੰ ਅੱਤਵਾਦ ਨਾਲ ਜੋੜਦੀ ਹੈ।

ਉਨ੍ਹਾਂ ਕਿਹਾ ਕਿ ਲੋਕਾਂ ਨੂੰ ਆਪਣੇ ਰਾਜਨੀਤਕ ਭਵਿੱਖ ਦਾ ਫ਼ੈਸਲਾ ਕਰਨ ਦਾ ਅਧਿਕਾਰ ਹੋਣਾ ਚਾਹੀਦਾ ਹੈ ਅਤੇ ਇਸ ਸਬੰਧੀ ਵੱਖ-ਵੱਖ ਦੇਸ਼ਾਂ ਦੀਆਂ ਨੀਤੀਆਂ ਵਿਚਲੇ ਅੰਤਰ ਨੂੰ ਸਮਝਣ ਦੀ ਲੋੜ ਹੈ।

ਦੂਜੇ ਪਾਸੇ, ਭਾਰਤ ਸਰਕਾਰ ਖ਼ਾਲਿਸਤਾਨ ਦੀ ਵੱਖਰੇ ਦੇਸ਼ ਵਜੋਂ ਸਥਾਪਨਾ ਦੀ ਮੰਗ ਦਾ ਵਿਰੋਧ ਕਰਦੀ ਹੈ ਅਤੇ ਦੇਸ਼ ਦੀ ਪ੍ਰਭੂਸੱਤਾ ਤੇ ਖੇਤਰੀ ਅਖੰਡਤਾ ਨੂੰ ਆਪਣੀ ਨੀਤੀ ਦਾ ਆਧਾਰ ਦੱਸਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

18 ਅਕਤੂਬਰ ਨੂੰ ਅਲਬਰਟਾ ਵਿਧਾਨ ਸਭਾ ਦੇ ਮੈਦਾਨ ਵਿੱਚ ਰੈਫਰੈਂਡਮ ਸਿੱਖਸ ਫਾਰ ਜਸਟਿਸ ਵੱਲੋਂ ਭਾਰਤ ਤੋਂ ਵੱਖਰੇ ਦੇਸ਼ ਲਈ ਖ਼ਾਲਿਸਤਾਨ ਰੈਫਰੈਂਡਮ ਦਾ ਅਗਲਾ ਪੜਾਅ 18 ਅਕਤੂਬਰ 2026 ਨੂੰ ਐਡਮੰਟਨ ਸਥਿਤ ਅਲਬਰਟਾ ਵਿਧਾਨ ਸਭਾ ਦੇ ਮੈਦਾਨ ਵਿੱਚ ਹੋਵੇਗਾ। ਇਸ ਮੌਕੇ ਹਿੱਸਾ ਲੈਣ ਵਾਲੇ ਸਿੱਖਾਂ ਅੱਗੇ ਇਹ ਸਵਾਲ ਰੱਖਿਆ ਜਾਵੇਗਾ "ਕੀ ਭਾਰਤੀ ਸ਼ਾਸਨ ਅਧੀਨ ਪੰਜਾਬ ਇੱਕ ਆਜ਼ਾਦ ਦੇਸ਼ ਹੋਣਾ ਚਾਹੀਦਾ ਹੈ?" ਹਾਂ ਜਾਂ ਨਾਂਹ ਵਿੱਚ ਜਵਾਬ ਮੰਗਿਆ ਗਿਆ ਹੈ। ਜਥੇਬੰਦੀ ਵੱਲੋਂ ਕਰਵਾਇਆ ਜਾਣ ਵਾਲਾ ਇਹ ਰੈਫਰੈਂਡਮ ਗੈਰ-ਸਰਕਾਰੀ ਹੈ ਅਤੇ ਇਸ ਦੇ ਨਤੀਜੇ ਭਾਰਤ ਜਾਂ ਕੈਨੇਡਾ ਦੀਆਂ ਸਰਕਾਰਾਂ ਲਈ ਕਾਨੂੰਨੀ ਤੌਰ 'ਤੇ ਪਾਬੰਦਕਾਰੀ ਨਹੀਂ ਹੋਣਗੇ। ਇਸ ਦੌਰਾਨ ਕਿਊਬਿਕ ਵਿੱਚ ਪਾਰਟੀ ਕਿਊਬੇਕਵਾ ਦੀ ਚੋਣ ਜਿੱਤ ਨੇ ਕੈਨੇਡਾ ਅੰਦਰ ਸੂਬਿਆਂ ਦੀ ਖ਼ੁਦਮੁਖ਼ਤਿਆਰੀ ਅਤੇ ਵੱਖਰੇ ਦੇਸ਼ ਦੀ ਮੰਗ ਸਬੰਧੀ ਬਹਿਸ ਨੂੰ ਮੁੜ ਚਰਚਾ ਵਿੱਚ ਲਿਆ ਦਿੱਤਾ ਹੈ। ਹਾਲਾਂਕਿ ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਕਿਊਬਿਕ ਦੀ ਨਵੀਂ ਲੀਡਰਸ਼ਿਪ ਨੂੰ ਆਜ਼ਾਦੀ ਸਬੰਧੀ ਰੈਫਰੈਂਡਮ ਦੀ ਬਜਾਏ ਆਰਥਿਕਤਾ ਅਤੇ ਲੋਕਾਂ ਦੀਆਂ ਤੁਰੰਤ ਲੋੜਾਂ ਵੱਲ ਧਿਆਨ ਦੇਣ ਦੀ ਅਪੀਲ ਕੀਤੀ ਹੈ।

ਪੰਨੂੰ ਵੱਲੋਂ ਦਿੱਤੇ ਸੱਦੇ ਤੋਂ ਬਾਅਦ ਹੁਣ ਇਹ ਦੇਖਣਾ ਹੋਵੇਗਾ ਕਿ ਪਾਰਟੀ ਕਿਊਬੇਕਵਾ ਦੇ ਆਗੂ ਜਾਂ ਉਸ ਦੇ ਨੁਮਾਇੰਦੇ 18 ਅਕਤੂਬਰ ਦੇ ਪ੍ਰਸਤਾਵਿਤ ਖ਼ਾਲਿਸਤਾਨ ਰੈਫਰੈਂਡਮ ਵਿੱਚ ਨਿਗਰਾਨ ਵਜੋਂ ਸ਼ਾਮਲ ਹੁੰਦੇ ਹਨ ਜਾਂ ਨਹੀਂ।

### ਰਾਮਗੜ੍ਹੀਆ ਸੋਸਾਇਟੀ ਵਲੋਂ

# ਫ਼ੂਡ ਸੇਫਟੀ ਇੰਸਪੈਕਟਰ ਅਭਿਨਵ ਖੋਸਲਾ ਦੀ ਬਹਾਲੀ ਦਾ ਸਵਾਗਤ



ਫ਼ਿਰੋਜ਼ਪੁਰ, 10 ਅਕਤੂਬਰ (ਮਨੋਹਰ ਲਾਲ):— ਮਿਲਾਵਟਖੋਰਾਂ ਅਤੇ ਅਸਮਾਜਿਕ ਅਨੁਸਾਰ ਵਿਰੁੱਧ ਨਿਰਭੈ ਹੋ ਕੇ ਕਾਰਵਾਈ ਕਰਨ ਵਾਲੇ ਇਮਾਨਦਾਰ ਫੂਡ ਸੇਫਟੀ ਇੰਸਪੈਕਟਰ ਅਭਿਨਵ ਖੋਸਲਾ ਦੀ ਜ਼ਿਲ੍ਹਾ ਫਿਰੋਜ਼ਪੁਰ ਤੋਂ ਬਦਲੀ ਵਿਰੁੱਧ ਆਵਾਜ਼ ਚੁੱਕ ਰਹੀਆਂ ਸ਼ਥਾਨਕ ਜਥੇਬੰਦੀਆਂ ਦੇ ਸੰਘਰਸ਼ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਪ੍ਰਸ਼ਾਸਨ ਨੇ ਫੂਡ ਸੇਫਟੀ ਇੰਸਪੈਕਟਰ ਅਭਿਨਵ ਖੋਸਲਾ ਦੀ ਜ਼ਿਲ੍ਹੇ ਤੋਂ ਬਾਹਰ ਕੀਤੀ ਬਦਲੀ ਦਾ ਫ਼ੈਸਲਾ ਵਾਪਸ ਲੈਂਦਿਆਂ ਉਨ੍ਹਾਂ ਨੂੰ ਦੁਬਾਰਾ ਫਿਰੋਜ਼ਪੁਰ ਵਿਖੇ ਹੀ ਬਹਾਲ ਕਰ ਦਿੱਤਾ। ਇਸ ਸਬੰਧੀ ਗੱਲਬਾਤ ਕਰਦਿਆਂ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਰਜਿ: 140 ਪੰਜਾਬ ਦੇ ਸਰਪ੍ਰਸਤ ਸੁਖਵਿੰਦਰ ਸਿੰਘ ਸੰਨੀ ਨੇ ਕਿਹਾ ਕਿ ਪ੍ਰਸ਼ਾਸਨ ਦੇ ਇਸ ਫੈਸਲੇ ਤੋਂ ਬਾਅਦ ਇਲਾਕੇ ਦੀਆਂ ਜਥੇਬੰਦੀਆਂ ਅਤੇ ਆਮ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ ਇਸ ਨੂੰ ਲੋਕ ਏਕਤਾ ਦੀ ਵੱਡੀ ਜਿੱਤ ਮੰਨਿਆ ਜਾ ਰਿਹਾ ਹੈ। ਇਸ ਮੌਕੇ ਪੰਜਾਬ ਪ੍ਰਧਾਨ ਹਰਭਜਨ ਸਿੰਘ ਦੜਿਆਲਾ ਨੇ ਕਿਹਾ ਕਿ ਫ਼ੂਡ ਸੇਫਟੀ ਇੰਸਪੈਕਟਰ ਅਭਿਨਵ ਖੋਸਲਾ ਦਾ ਫਿਰੋਜ਼ਪੁਰ ਤੋਂ ਬਾਹਰ ਤਬਾਦਲਾ ਕੀਤੇ ਜਾਣ ਤੋਂ ਬਾਅਦ ਸਮੂਹ ਜਥੇਬੰਦੀਆਂ ਵਿੱਚ ਭਾਰੀ ਰੋਸ ਫੈਲ ਗਿਆ ਸੀ ਅਤੇ ਖੋਸਲਾ ਦੀ ਇਮਾਨਦਾਰੀ ਕਰਕੇ ਆਮ ਲੋਕਾਂ ਦੀ ਸਾਂਝੀ ਕਮੇਟੀ ਫਿਰੋਜ਼ਪੁਰ ਲੋਕ ਲਹਿਰ ਦੇ ਹੱਕ ਚ ਡਟਿਆ ਵੱਖ—ਵੱਖ ਸਮਾਜਿਕ, ਧਾਰਮਿਕ, ਵਪਾਰਕ, ਕਿਸਾਨ ਜਥੇਬੰਦੀਆਂ ਅਤੇ ਖਾਸ ਕਰਕੇ ਫਿਰੋਜ਼ਪੁਰ ਪ੍ਰੈਸ ਕਲੱਬ ਨੇ ਪ੍ਰਸ਼ਾਸਨ ਵਿਰੁੱਧ ਮੋਰਚਾ ਖੋਲ ਦਿੱਤਾ ਸੀ। ਆਗੂਆਂ ਨੇ ਕਿਹਾ ਕਿ ਅੰਦੋਲਨ ਤੋਂ ਬਾਅਦ ਆਖ਼ਰਕਾਰ ਪ੍ਰਸ਼ਾਸਨ ਦੀ ਨੀਂਦ ਖੁਲੀ ਅਤੇ ਅਧਿਕਾਰੀਆ ਨੂੰ ਆਪਣਾ ਫ਼ੈਸਲਾ ਬਦਲਣ ਲਈ ਮਜਬੂਰ ਹੋਣਾ ਪਿਆ। ਆਗੂਆਂ ਨੇ ਆਖਿਆ ਕਿ ਇਹ ਜਿੱਤ ਸਾਬਤ ਕਰਦੀ ਹੈ ਕਿ ਜੇਕਰ ਜਨਤਾ ਅਤੇ ਜਥੇਬੰਦੀਆਂ ਇੱਕਜੁੱਟ ਹੋ ਕੇ ਹੱਕ—ਸੱਚ ਦੀ ਲੜਾਈ ਲੜਨ ਤ: ਪ੍ਰਸ਼ਾਸਨ ਨੂੰ ਝੁਕਣਾ ਹੀ ਪੈਂਦਾ ਹੈ। ਇਸ ਮੌਕੇ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ, ਸੁਖਮਿੰਦਰ ਸਿੰਘ ਜੱਬਲ ਸਕੱਤਰ ਜਨਰਲ ਪੰਜਾਬ, ਜਸਬੀਰ ਸਿੰਘ ਕਲਸੀ ਜਰਨਲ ਸਕੱਤਰ ਪੰਜਾਬ, ਅੰਗਰੇਜ਼ ਸਿੰਘ ਕਲਸੀ ਜ਼ਿਲ੍ਹਾ ਪ੍ਰਧਾਨ, ਪ੍ਰਦੀਪ ਸਿੰਘ ਭੁੱਲਰ ਮੀਤ ਪ੍ਰਧਾਨ, ਬੂਟਾ ਸਿੰਘ ਹਰਿਆਨ ਮੀਤ ਪ੍ਰਧਾਨ ਪੰਜਾਬ, ਸਤਨਾਮ ਸਿੰਘ ਹਰਿਆਨ ਮੀਤ ਪ੍ਰਧਾਨ ਪੰਜਾਬ, ਸੁਖਚੈਨ ਸਿੰਘ ਨਾਗੀ ਵਾਈਸ ਚੇਅਰਮੈਨ ਪੰਜਾਬ, ਹਰਜਿੰਦਰ ਸਿੰਘ ਦੜਿਆਲਾ ਮੀਤ ਪ੍ਰਧਾਨ ਪੰਜਾਬ, ਜਸਵਿੰਦਰ ਸਿੰਘ ਸੰਧੂ ਵਾਈਸ ਚੇਅਰਮੈਨ ਪੰਜਾਬ, ਗੁਰਪ੍ਰੀਤ ਸਿੰਘ ਕਲਸੀ ਮਿਡੀਆ ਇਨਚਾਰਜ, ਜਗਤਾਰ ਸਿੰਘ ਕਲਸੀ ਕੇਸੀਆਰ, ਸੁਰਜੀਤ ਸਿੰਘ ਦੜਿਆਲਾ ਜਥੇਬੰਦਕ ਪੰਜਾਬ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕੇਜਰੀਵਾਲ ਤੇ ਮਾਨ ਆਪਣੇ ਸਿਆਸੀ ਦੋਹਰੇ ਮਾਪਦੰਡਾਂ ਦਾ ਜਵਾਬ ਦੇਣ: ਪ੍ਰੋ. ਸਰਚਾਂਦ ਸਿੰਘ ਖਿਆਲਾ

## ਕੇਜਰੀਵਾਲ ਤੇ ਭਗਵੰਤ ਮਾਨ ਦਾ ਸਿਆਸੀ ਡਰਾਮਾ: ਆਪ ਹੀ SIR ਕਰਵਾਉਂਦੇ, ਆਪ ਹੀ ਧਰਨੇ ਲਾਉਂਦੇ



**ਅੰਮ੍ਰਿਤਸਰ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਰਕਾਰ ਨੂੰ 'ਪੂਰਨ ਤਾਨਾਸ਼ਾਹੀ' ਕਰਾਰ ਦੇਣ 'ਤੇ ਤਿੱਖਾ ਪਲਟਵਾਰ ਕਰਦਿਆਂ ਕਿਹਾ ਕਿ ਲੋਕਤੰਤਰ ਦੀ ਦੁਹਾਈ ਦੇਣ ਤੋਂ ਪਹਿਲਾਂ ਕੇਜਰੀਵਾਲ ਆਪਣੇ ਸਿਆਸੀ ਦੋਹਰੇ ਮਾਪਦੰਡਾਂ ਅਤੇ ਪੰਜਾਬ ਵਿੱਚ ਆਪਣੀ ਸਰਕਾਰ ਦੀ ਕਾਰਗੁਜ਼ਾਰੀ ਅਤੇ ਭ੍ਰਿਸ਼ਟਾਚਾਰ ਦੇ ਗੰਭੀਰ ਦੋਸ਼ਾਂ ਦਾ ਜਵਾਬ ਦੇਣ। ਦੂਜਿਆਂ 'ਤੇ ਉਂਗਲ ਚੁੱਕਣ ਵਾਲੀ 'ਆਪ' ਪਹਿਲਾਂ ਆਪਣੇ ਗਿਰੇਬਾਨ ਵਿੱਚ ਝਾਤ ਮਾਰੇ।

ਪ੍ਰੋ. ਖਿਆਲਾ ਨੇ ਸਵਾਲ ਕੀਤਾ ਕਿ ਵੋਟਰ ਸੂਚੀਆਂ ਦੀ ਸੁਧਾਈ ਦੀ ਪ੍ਰਕਿਰਿਆ ਵਿੱਚ ਸੂਬੇ ਦੇ ਪ੍ਰਸ਼ਾਸਨ ਦੀ ਭੂਮਿਕਾ ਹੋਣ ਦੇ ਬਾਵਜੂਦ ਕੇਜਰੀਵਾਲ ਅਤੇ ਭਗਵੰਤ ਮਾਨ ਵੱਲੋਂ ਧਰਨੇ ਕਿਸ ਲਈ ਦਿੱਤੇ ਜਾ ਰਹੇ ਹਨ? ਇਹ ਰਵੱਈਆ ਸਿਆਸੀ ਡਰਾਮੇਬਾਜ਼ੀ ਵਾਲਾ ਨਹੀਂ ਤਾਂ ਹੋਰ ਕੀ ਹੈ? ਜੇਕਰ 'ਆਪ' ਸਰਕਾਰ ਨੂੰ ਇਸ ਪ੍ਰਕਿਰਿਆ 'ਤੇ ਇਤਰਾਜ਼ ਹੈ ਤਾਂ ਉਹ ਸਪੱਸ਼ਟ ਕਰੇ ਕਿ ਇਤਰਾਜ਼ ਕਿਹੜੇ ਫ਼ੈਸਲੇ ਜਾਂ ਕਾਰਵਾਈ 'ਤੇ ਹੈ ਅਤੇ ਉਸ ਦੇ ਠੋਸ ਤੱਥ ਕੀ ਹਨ। ਚੋਣ ਕਮਿਸ਼ਨ ਦੀ ਸੰਵਿਧਾਨਕ ਜ਼ਿੰਮੇਵਾਰੀ ਅਤੇ ਇਸ ਪ੍ਰਕਿਰਿਆ ਵਿੱਚ ਸੂਬਾਈ ਪ੍ਰਸ਼ਾਸਨ ਦੀ ਭੂਮਿਕਾ ਬਾਰੇ ਸਥਿਤੀ ਸਪੱਸ਼ਟ ਕਰਨ ਦੀ ਬਜਾਏ ਧਰਨਿਆਂ ਰਾਹੀਂ ਸਿਆਸੀ ਮਾਹੌਲ ਬਣਾਉਣਾ ਕਿਹੜੀ ਜਵਾਬਦੇਹੀ ਹੈ? ਕੇਂਦਰ ਨੂੰ ਹਰ ਮੁੱਦੇ 'ਤੇ ਘਸੀਟ ਕੇ ਆਪਣੀਆਂ ਨਾਕਾਮੀਆਂ ਤੋਂ ਧਿਆਨ ਹਟਾਉਣਾ ਸਿਆਸੀ ਪੈਂਤੜੇਬਾਜ਼ੀ ਹੈ, ਲੋਕਤੰਤਰ ਦੀ ਸੇਵਾ ਨਹੀਂ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਜਾਂ ਵੋਟਰ ਸੂਚੀਆਂ ਦੀ ਸੁਧਾਈ ਬਾਰੇ ਇਤਰਾਜ਼ ਹਨ ਤਾਂ ਉਹ ਤੱਥਾਂ ਅਤੇ ਸਬੂਤਾਂ ਨਾਲ ਕਾਨੂੰਨੀ ਤੇ ਸੰਵਿਧਾਨਕ ਪ੍ਰਕਿਰਿਆ ਰਾਹੀਂ ਪੇਸ਼ ਕੀਤੇ ਜਾਣ। ਜਾਂਚ ਤੋਂ ਪਹਿਲਾਂ ਹੀ ਹਰ ਕਾਰਵਾਈ ਨੂੰ 'ਤਾਨਾਸ਼ਾਹੀ' ਜਾਂ 'ਸਿਆਸੀ ਬਦਲਾਖੋਰੀ' ਕਰਾਰ ਦੇਣਾ ਅਤੇ ਬਿਨਾਂ ਠੋਸ ਸਬੂਤ 'ਵੋਟ ਚੋਰੀ' ਦੇ ਦੋਸ਼ ਲਾਉਣਾ ਸੰਵਿਧਾਨਕ ਸੰਸਥਾਵਾਂ ਵਿੱਚ ਲੋਕਾਂ ਦੇ ਭਰੋਸੇ ਨੂੰ ਕਮਜ਼ੋਰ ਕਰਦਾ ਹੈ। ਵਿਰੋਧ ਦਾ ਅਧਿਕਾਰ ਸਭ ਨੂੰ ਹੈ, ਪਰ ਇਸ ਦੀ ਆੜ ਵਿੱਚ ਬੇਬੁਨਿਆਦ ਦੋਸ਼ ਲਾਉਣ ਜਾਂ ਸੰਸਥਾਵਾਂ ਨੂੰ ਬਦਨਾਮ ਕਰਨ ਦਾ ਲਾਇਸੈਂਸ ਕਿਸੇ ਕੋਲ ਨਹੀਂ। ਚੋਣੀ ਹਾਰ ਦਾ ਜਵਾਬ ਸੰਸਥਾਵਾਂ 'ਤੇ ਹਮਲਿਆਂ ਨਾਲ ਨਹੀਂ, ਲੋਕਾਂ ਦੇ ਫ਼ੈਸਲੇ ਦਾ ਸਤਿਕਾਰ ਕਰਕੇ ਦਿੱਤਾ ਜਾਂਦਾ ਹੈ। ਬਿਨਾ ਕਿਸੇ ਠੋਸ ਵਜ੍ਹਾ ਦੇ ਪ੍ਰਧਾਨ ਮੰਤਰੀ ਨੂੰ ਤਾਨਾਸ਼ਾਹ ਐਲਾਨ ਦੇਣਾ ਕਿਹੜੀ ਸਿਆਸੀ ਇਮਾਨਦਾਰੀ ਹੈ? ਪ੍ਰੋ. ਖਿਆਲਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਵਿਕਾਸ, ਆਤਮ-ਨਿਰਭਰਤਾ ਅਤੇ ਵਿਸ਼ਵ ਪੱਧਰ 'ਤੇ ਆਪਣੀ ਮਜ਼ਬੂਤ ਪਛਾਣ ਵੱਲ ਅੱਗੇ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਜਰੀਵਾਲ ਅਤੇ ਰਾਹੁਲ ਗਾਂਧੀ ਵਰਗੇ ਆਗੂਆਂ ਨੂੰ ਜਨਤਾ ਦੇ ਫ਼ੈਸਲੇ ਦਾ ਸਤਿਕਾਰ ਕਰਨਾ ਸਿੱਖਣਾ ਚਾਹੀਦਾ ਹੈ। ਚੋਣਾਂ ਵਿੱਚ ਹਾਰ ਜਾਂ ਸਿਆਸੀ ਅਸਹਿਮਤੀ ਦਾ ਜਵਾਬ ਦੇਸ਼ ਦੀਆਂ ਸੰਸਥਾਵਾਂ ਨੂੰ ਕਟਹਿਰੇ ਵਿੱਚ ਖੜ੍ਹਾ ਕਰਕੇ ਨਹੀਂ ਦਿੱਤਾ ਜਾ ਸਕਦਾ। ਕੇਜਰੀਵਾਲ ਅਤੇ ਰਾਹੁਲ ਗਾਂਧੀ ਵਰਗੇ ਆਗੂਆਂ ਨੂੰ ਬੇਬੁਨਿਆਦ ਦੋਸ਼ਾਂ ਦੀ ਰਾਜਨੀਤੀ ਕਰਨ ਦੀ ਬਜਾਏ ਲੋਕਾਂ ਦੇ ਮੁੱਦਿਆਂ 'ਤੇ ਧਿਆਨ ਦੇਣਾ ਚਾਹੀਦਾ ਹੈ। ਕਾਨੂੰਨ ਸਭ ਲਈ ਬਰਾਬਰ ਹੈ; ਨਾ ਰਾਹੁਲ ਗਾਂਧੀ ਲਈ ਕੋਈ ਵਿਸ਼ੇਸ਼ ਛੋਟ ਹੈ ਅਤੇ ਨਾ ਹੀ ਕੇਜਰੀਵਾਲ ਲਈ ਕੋਈ ਵਿਸ਼ੇਸ਼ ਰਿਆਇਤ। ਪੰਜਾਬ ਦੇ ਮਾਮਲੇ 'ਤੇ ਤਿੱਖਾ ਹਮਲਾ ਕਰਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਦਫ਼ਤਰ ਨਾਲ ਜੁੜੀਆਂ ਬਦਲੀਆਂ-ਤਾਇਨਾਤੀਆਂ ਵਿੱਚ ਕਥਿਤ ਵਿੱਤੀ ਲੈਣ-ਦੇਣ ਦੇ ਮਾਮਲੇ ਨੇ 'ਆਪ' ਸਰਕਾਰ ਦੀ 'ਕੱਟੜ ਇਮਾਨਦਾਰੀ' ਦੇ ਦਾਅਵਿਆਂ ਦੀ ਫੂਕ ਕੱਢ ਦਿੱਤੀ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਮਾਮਲੇ ਦੀ ਜਾਂਚ ਸੀਬੀਆਈ ਨੂੰ ਸੌਂਪੇ ਜਾਣ ਤੋਂ ਬਾਅਦ ਮੁੱਖ ਮੰਤਰੀ ਦੇ ਓਐੱਸਡੀ ਰਾਜਬੀਰ ਘੁੰਮਣ ਦੀ ਕਾਨੂੰਨ ਨਾਲ ਅੱਖ-ਮਿਚੌਲੀ ਨੇ ਸਚਾਈ ਸਾਹਮਣੇ ਲਿਆ ਦਿੱਤੀ ਹੈ। ਹੁਣ ਸਵਾਲਾਂ ਤੋਂ ਭੱਜਣ ਦੀ ਬਜਾਏ ਨਿਰਪੱਖ ਜਾਂਚ ਤੇ ਕਾਰਵਾਈ ਦਾ ਸਾਹਮਣਾ ਕਰੇ ਅਤੇ ਪੰਜਾਬ ਦੇ ਲੋਕਾਂ ਨੂੰ ਜਵਾਬ ਦਿੱਤਾ ਜਾਵੇ ਕਿ 'ਕੱਟੜ ਇਮਾਨਦਾਰੀ' ਦੇ ਦਾਅਵਿਆਂ ਦੇ ਬਾਵਜੂਦ ਅਜਿਹੇ ਗੰਭੀਰ ਸਵਾਲ ਕਿਉਂ ਖੜ੍ਹੇ ਹੋਏ ਹਨ। ਦੋਸ਼ਾਂ ਦਾ ਅੰਤਿਮ ਫ਼ੈਸਲਾ ਕਾਨੂੰਨੀ ਪ੍ਰਕਿਰਿਆ ਰਾਹੀਂ ਹੀ ਹੋਵੇਗਾ, ਪਰ ਸਰਕਾਰ ਆਪਣੀ ਸਿਆਸੀ ਜਵਾਬਦੇਹੀ ਤੋਂ ਨਹੀਂ ਬਚ ਸਕਦੀ। ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਦੇ ਲੋਕ ਨਸ਼ਿਆਂ ਦੇ ਨਾਸੂਰ, ਵਧਦੇ ਕਰਜ਼ੇ, ਵਿਗੜਦੀ ਕਾਨੂੰਨ-ਵਿਵਸਥਾ ਅਤੇ ਭ੍ਰਿਸ਼ਟਾਚਾਰ ਬਾਰੇ ਜਵਾਬ ਮੰਗ ਰਹੇ ਹਨ। ਇਨ੍ਹਾਂ ਮੁੱਦਿਆਂ 'ਤੇ ਪਾਰਦਰਸ਼ੀ ਜਵਾਬ ਦੇਣ ਦੀ ਬਜਾਏ ਸਿਆਸੀ ਬਿਆਨਬਾਜ਼ੀ ਤੇ ਹੋਰ ਬੇਲੋੜੀਆਂ ਕਰਤਬਾਂ ਰਾਹੀਂ ਲੋਕਾਂ ਦਾ ਧਿਆਨ ਭਟਕਾਉਣਾ ਮਾਨ ਸਰਕਾਰ ਦੀਆਂ ਜ਼ਿੰਮੇਵਾਰੀਆਂ ਤੋਂ ਭੱਜਣ ਦੀ ਕਵਾਇਦ ਹੈ। ਪੰਜਾਬੀਆਂ ਨੂੰ ਮੂਰਖ ਸਮਝਣ ਦੀ ਭੁੱਲ ਨਾ ਕੀਤੀ ਜਾਵੇ; ਉਹ ਸਿਆਸੀ ਨਾਟਕ ਅਤੇ ਜ਼ਮੀਨੀ ਹਕੀਕਤ ਦਾ ਫ਼ਰਕ ਚੰਗੀ ਤਰ੍ਹਾਂ ਜਾਣਦੇ ਹਨ। ਆਪਣੀਆਂ ਨਾਕਾਮੀਆਂ ਲਈ ਕੇਂਦਰ ਨੂੰ ਬੇਵਜ੍ਹਾ ਦੋਸ਼ੀ ਠਹਿਰਾਉਣ ਵਾਲਿਆਂ ਨੂੰ ਪੰਜਾਬ ਦੇ ਲੋਕ ਸਹੀ ਸਮੇਂ 'ਤੇ ਲੋਕਤੰਤਰੀ ਢੰਗ ਨਾਲ ਜਵਾਬ ਦੇਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਫ਼ਿਰੋਜ਼ਪੁਰ 'ਚ 11 ਅਕਤੂਬਰ ਨੂੰ ਧੂਮਧਾਮ ਨਾਲ ਮਨਾਈ ਜਾਵੇਗੀ ਮਹਾਰਾਜਾ ਅਗਰਸੈਨ ਜਯੰਤੀ



**ਫ਼ਿਰੋਜ਼ਪੁਰ, 10 ਅਕਤੂਬਰ (ਮਨੋਹਰ ਲਾਲ)** :— ਮਹਾਰਾਜਾ ਅਗਰਸੈਨ ਸੇਵਾ ਸੰਮਤੀ ਫ਼ਿਰੋਜ਼ਪੁਰ ਸ਼ਹਿਰ ਵੱਲੋਂ 11 ਅਕਤੂਬਰ 2026 ਦਿਨ ਐਤਵਾਰ ਨੂੰ ਮਹਾਰਾਜਾ ਅਗਰਸੈਨ ਜਯੰਤੀ ਬੜੀ ਸ਼ਰਧਾ ਭਾਵਨਾ ਉਤਸ਼ਾਹ ਤੇ ਧੂਮਧਾਮ ਨਾਲ ਮਨਾਈ ਜਾਵੇਗੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਅਗਰਵਾਲ ਸਮਾਜ ਦੇ ਪਤਵੰਤੇ ਸੱਜਣਾਂ ਅਤੇ ਸੰਮਤੀ ਦੇ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ, ਜਿਸ ਵਿਚ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸਮਾਗਮ ਦੀ ਸ਼ੁਰੂਆਤ ਦੌਰਾਨ ਸਵੇਰੇ 8 ਵਜੇ ਮਹਾਰਾਜਾ ਅਗਰਸੈਨ ਚੌਂਕ ਫ਼ਿਰੋਜ਼ਪੁਰ ਸ਼ਹਿਰ ਵਿਖੇ ਮਹਾਰਾਜਾ ਅਗਰਸੈਨ ਜੀ ਦੇ ਬੁੱਤ 'ਤੇ ਫੁੱਲ ਮਾਲਾਵਾਂ ਅਰਪਿਤ ਕੀਤੀਆਂ ਜਾਣਗੀਆਂ। ਇਸ ਤੋਂ ਬਾਅਦ ਸ਼ਾਮ 7:30 ਵਜੇ ਪਰਮਾਰਥ ਭਵਨ ਫ਼ਿਰੋਜ਼ਪੁਰ ਸ਼ਹਿਰ ਵਿਖੇ ਪਰਿਵਾਰ ਮਿਲਣ ਸਮਾਗਮ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਅਗਰਵਾਲ ਸਮਾਜ ਦੇ ਸਮੂਹ ਪਰਿਵਾਰ ਹਿੱਸਾ ਲੈਣਗੇ। ਇਸ ਮੌਕੇ ਬੱਚਿਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਜਾਣਗੇ ਤੇ ਸਾਰਿਆਂ ਲਈ ਖਾਣੇ ਦਾ ਵਿਸ਼ੇਸ਼ ਪ੍ਰਬੰਧ ਵੀ ਕੀਤਾ ਗਿਆ ਹੈ। ਮੀਟਿੰਗ ਵਿਚ ਅਗਰਵਾਲ ਸਮਾਜ ਅਸ਼ੋਕ ਗੁਪਤਾ, ਵਰਿੰਦਰ ਸਿੰਗਲ, ਬ੍ਰਿਜਭੂਸ਼ਨ ਮਿੱਤਲ, ਰਮੇਸ਼ ਅਗਰਵਾਲ ਅਤੇ ਧਰਮਪਾਲ ਬਾਂਸਲ ਮੌਜੂਦ ਸਨ। ਮਹਾਰਾਜਾ ਅਗਰਸੈਨ ਸੇਵਾ ਸੰਮਤੀ ਵੱਲੋਂ ਰਾਜੀਵ ਅਗਰਵਾਲ, ਰਾਜਿੰਦਰ ਗਰਗ, ਅਸ਼ਵਨੀ ਗੋਇਲ, ਵਿਕਾਸ ਗੋਇਲ, ਅਜੇ ਅਗਰਵਾਲ, ਵਿਜੇ ਅਗਰਵਾਲ, ਸੰਜੇ ਬਾਂਸਲ, ਮਨਮੋਹਨ ਗੁਪਤਾ ਤੇ ਸੰਜੀਵ ਗੁਪਤਾ ਨੇ ਭਾਗ ਲਿਆ। ਇਸ ਤੋਂ ਇਲਾਵਾ ਨਿਖਿਲ ਗੁਪਤਾ ਤੇ ਰੁਪੇਸ਼ ਗੁਪਤਾ ਵੀ ਮੀਟਿੰਗ ਵਿਚ ਹਾਜ਼ਰ ਸਨ। ਮੀਟਿੰਗ ਦੌਰਾਨ ਸਾਰੇ ਮੈਂਬਰਾਂ ਨੇ ਮਹਾਰਾਜਾ ਅਗਰਸੈਨ ਜੀ ਦੇ ਆਦਰਸ਼ਾਂ ਸਮਾਜ ਵਿੱਚ ਏਕਤਾ, ਆਪਸੀ ਭਾਈਚਾਰੇ ਅਤੇ ਸੇਵਾ ਭਾਵਨਾ ਨੂੰ ਅੱਗੇ ਵਧਾਉਣ ਦਾ ਸੰਕਲਪ ਲਿਆ। ਉਨ੍ਹਾਂ ਕਿਹਾ ਕਿ ਮਹਾਰਾਜਾ ਅਗਰਸੈਨ ਜੀ ਦਾ ਜੀਵਨ ਸਮਾਜ ਨੂੰ ਬਰਾਬਰੀ, ਸਹਿਯੋਗ ਅਤੇ ਮਾਨਵ ਸੇਵਾ ਦੀ ਪ੍ਰੇਰਨਾ ਦਿੰਦਾ ਹੈ। ਇਹ ਜਯੰਤੀ ਸਮਾਗਮ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਦਰਸਾਏ ਮਾਰਗ ਤੋਂ ਜਾਣੂ ਕਰਵਾਉਣ ਦਾ ਸੁਨਹਿਰੀ ਮੌਕਾ ਹੈ। ਸੰਮਤੀ ਵੱਲੋਂ ਸਮੂਹ ਅਗਰਵਾਲ ਪਰਿਵਾਰਾਂ ਨੂੰ ਅਪੀਲ ਕੀਤੀ ਕਿ 11 ਅਕਤੂਬਰ ਦੀ ਰਾਤ ਨੂੰ ਆਪਣੇ ਘਰਾਂ ਅਤੇ ਵਪਾਰਕ ਅਦਾਰਿਆਂ 'ਤੇ ਦੀਪਮਾਲਾ ਕਰਕੇ ਪੂਰੇ ਸ਼ਹਿਰ ਨੂੰ ਰੋਸ਼ਨ ਕੀਤਾ ਜਾਵੇ ਅਤੇ ਪਰਿਵਾਰ ਸਮੇਤ ਸਮਾਗਮ 'ਚ ਪਹੁੰਚ ਕੇ ਇਸ ਦੀ ਸ਼ੋਭਾ ਵਧਾਈ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

### ਪਿੰਡ ਵਡਾਲੀ ਡੋਗਰਾਂ ਤੋਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ

# 67ਵੀਂ ਤੀਰਥ ਯਾਤਰਾ ਬੱਸ ਨੂੰ ਰਵਾਨਾ ਕੀਤਾ



**ਜੰਡਿਆਲਾ ਗੁਰੂ, 10 ਅਕਤੂਬਰ (ਕੁਲਵੰਤ ਸਿੰਘ ਵਿਰਦੀ )**-ਸੂਬੇ ਦੇ ਲੋਕ ਨਿਰਮਾਣ ਮੰਤਰੀ ਸ.ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਵਡਾਲੀ ਡੋਗਰਾਂ ਤੋਂ ਹਲਕੇ ਦੀ 67ਵੀਂ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਬੱਸ ਰਾਹੀਂ ਸੰਗਤ ਨੂੰ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਧਾਮ ਦੇ ਦਰਸ਼ਨ ਕਰਵਾਏ ਜਾਣਗੇ।ਸੰਗਤ ਨੂੰ ਰਵਾਨਾ ਕਰਨ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਚਲਾਈ ਜਾ ਰਹੀ ਹੈ, ਜਿਸ ਤਹਿਤ ਸੂਬਾ ਵਾਸੀਆਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਮੁਫ਼ਤ ਦਰਸ਼ਨ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਤੀਰਥ ਯਾਤਰਾ ਸ਼ੁਰੂ ਕਰਕੇ ਬਜ਼ੁਰਗਾਂ ਦੀ ਤੀਰਥ ਯਾਤਰਾ ਕਰਨ ਦੀ ਮਨੋ-ਕਾਮਨਾਂ ਪੂਰੀ ਕੀਤੀ ਹੈ ਉਨ੍ਹਾਂ ਕਿਹਾ ਕਿ ਇਹ ਯਾਤਰਾ ਪੂਰੀ ਤਰ੍ਹਾਂ ਮੁਫ਼ਤ ਹੈ। ਯਾਤਰੀਆਂ ਨੂੰ ਧਾਰਮਿਕ ਸਥਾਨਾਂ ਤੱਕ ਲਿਜਾਣ ਅਤੇ ਵਾਪਸ ਲਿਆਉਣ ਤੋਂ ਇਲਾਵਾ ਯਾਤਰਾ ਦੌਰਾਨ ਰਹਿਣ-ਸਹਿਣ ਸਮੇਤ ਲੋੜੀਂਦੇ ਪ੍ਰਬੰਧ ਵੀ ਸੂਬਾ ਸਰਕਾਰ ਵੱਲੋਂ ਕੀਤੇ ਜਾਂਦੇ ਹਨ, ਤਾਂ ਜੋ ਹਰ ਵਰਗ ਦੇ ਲੋਕ ਬਿਨਾਂ ਕਿਸੇ ਆਰਥਿਕ ਬੋਝ ਦੇ ਆਪਣੀ ਧਾਰਮਿਕ ਆਸਥਾ ਅਨੁਸਾਰ ਤੀਰਥ ਅਸਥਾਨਾਂ ਦੇ ਦਰਸ਼ਨ ਕਰ ਸਕਣ।ਕੈਬਨਿਟ ਮੰਤਰੀ ਨੇ ਦੱਸਿਆ ਕਿ ਹੁਣ ਤੱਕ ਸੂਬੇ ਭਰ ਵਿੱਚ ਪੰਜ ਲੱਖ ਤੋਂ ਵੱਧ ਯਾਤਰੀ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ ਅਤੇ ਰੋਜ਼ਾਨਾ ਪੰਜਾਬ ਭਰ ਤੋਂ ਵੱਖ-ਵੱਖ ਧਾਰਮਿਕ ਅਸਥਾਨਾਂ ਲਈ ਤੀਰਥ ਯਾਤਰਾ ਲਈ ਬੱਸਾਂ ਰਵਾਨਾ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਅੱਜ 67ਵੀਂ ਤੀਰਥ ਯਾਤਰਾ ਬੱਸ ਰਵਾਨਾ ਕੀਤੀ ਗਈ ਹੈ। ਤੀਰਥ ਯਾਤਰਾ ਕਰਨ ਵਾਲੇ ਬਜ਼ੁਰਗਾਂ ਵੱਲੋਂ ਵੀ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਦਾ ਮੰਨਣਾ ਹੈ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਨੂੰ ਤੀਰਥ ਅਸਥਾਨਾਂ ਦੇ ਦਰਸ਼ਨ ਕਰਵਾ ਕੇ 'ਸਰਵਣ ਪੁੱਤਰ' ਦੀ ਭੂਮਿਕਾ ਨਿਭਾਈ ਹੈ।

**ਮਾਨ ਸਰਕਾਰ ਨੇ ਬਜ਼ੁਰਗਾਂ ਦੀ ਤੀਰਥ ਯਾਤਰਾ ਕਰਨ ਦੀ ਮਨੋ-ਕਾਮਨਾ ਪੂਰੀ ਕੀਤੀ - ਹਰਭਜਨ ਸਿੰਘ ਈ.ਟੀ.ਓ.**

### ਅੰਮ੍ਰਿਤਸਰ ਵਿੱਚ ਐਮ-16 ਰਾਈਫਲ, ਦੋ ਜ਼ਿਗਾਣਾ ਪਿਸਤੌਲ ਸਮੇਤ

# 10 ਅਤਿ-ਆਧੁਨਿਕ ਹਥਿਆਰ ਬਰਾਮਦ; ਚਾਰ ਕਾਬੂ



**ਚੰਡੀਗੜ੍ਹ ਜੰਡਿਆਲਾ ਗੁਰੂ 10 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ, ਅੰਮ੍ਰਿਤਸਰ ਦਿਹਾਤੀ ਪੁਲਿਸ ਨੇ 15 ਕਿਲੋ ਅਫੀਮ, ਇੱਕ ਅਤਿ-ਆਧੁਨਿਕ ਐਮ-16 ਰਾਈਫਲ, ਨੌਂ ਗ਼ੈਰ-ਕਾਨੂੰਨੀ ਪਿਸਤੌਲ ਅਤੇ 25 ਜਿੰਦਾ ਕਾਰਤੂਸਾਂ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਗ਼ੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ਾ ਤਸਕਰੀ ਦੇ ਦੋ ਨੈੱਟਵਰਕਾਂ ਦਾ ਪਰਦਾਫਾਸ਼ ਕੀਤਾ ਹੈ।ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਦਿੱਤੀ।ਪਹਿਲੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਮਲਕੀਤ ਸਿੰਘ ਉਰਫ਼ ਮੀਤਾ (32), ਵਾਸੀ ਮੰਝ, ਅੰਮ੍ਰਿਤਸਰ ਅਤੇ ਗੁਰਜੀਤ ਸਿੰਘ (32), ਵਾਸੀ ਸਾਰੰਗੜਾ, ਅੰਮ੍ਰਿਤਸਰ ਵਜੋਂ ਹੋਈ ਹੈ।ਜਦਕਿ ਦੂਜੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਅੰਮ੍ਰਿਤਪਾਲ ਸਿੰਘ (26) ਅਤੇ ਸਤਨਾਮ ਸਿੰਘ (29), ਦੋਵੇਂ ਵਾਸੀ ਪਿੰਡ ਕੱਕੜ ਕਲਾਂ, ਅੰਮ੍ਰਿਤਸਰ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਉਨ੍ਹਾਂ ਦੀ ਐੱਚ.ਐੱਫ.-ਡਿਲਕਸ ਮੋਟਰਸਾਈਕਲ, ਜਿਸ ਦੀ ਵਰਤੋਂ ਉਹ ਅਪਰਾਧਿਕ ਗਤੀਵਿਧੀਆਂ ਲਈ ਕਰ ਰਹੇ ਸਨ, ਵੀ ਜ਼ਬਤ ਕਰ ਲਈ ਹੈ।ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਵਿਦੇਸ਼ੀ ਤਸਕਰਾਂ ਨਾਲ ਜੁੜੇ ਹੋਏ ਹਨ ਅਤੇ ਗ਼ੈਰ-ਕਾਨੂੰਨੀ ਹਥਿਆਰ ਪ੍ਰਾਪਤ ਕਰਨ ਵਿੱਚ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੇ ਅਗਲੇ-ਪਿਛਲੇ ਸਾਰੇ ਸਬੰਧਾਂ ਦਾ ਪਤਾ ਲਗਾਉਣ ਅਤੇ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕਰਨ ਲਈ ਅੱਗੇ ਦੀ ਜਾਂਚ ਜਾਰੀ ਹੈ।ਪਹਿਲੇ ਆਪਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈ.ਜੀ.ਪੀ.) ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਭਰੋਸੇਯੋਗ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਥਾਣਾ ਘਰਿੰਡਾ ਦੀ ਪੁਲਿਸ ਟੀਮ ਨੇ ਮਲਕੀਤ ਸਿੰਘ ਅਤੇ ਗੁਰਜੀਤ ਸਿੰਘ ਨੂੰ ਕਾਬੂ ਕਰ ਲਿਆ ਅਤੇ ਤਲਾਸ਼ੀ ਦੌਰਾਨ ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ 15 ਕਿਲੋ ਅਫੀਮ ਅਤੇ ਅਮਰੀਕਾ ਵਿੱਚ ਬਣੀ ਇੱਕ ਮੋਡੀਫਾਈਡ ਐਮ-16 ਰਾਈਫਲ ਬਰਾਮਦ ਕੀਤੀ ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਵਿੱਚ ਇਹ ਗੱਲ ਸਾਹਮਣੇ ਆਈ ਹੈ ਕਿ ਮਲਕੀਤ ਅਤੇ ਗੁਰਜੀਤ ਦੋਵਾਂ ਕੋਲ ਭਾਰਤ-ਪਾਕਿਸਤਾਨ ਸਰਹੱਦੀ ਕੰਡਿਆਲੀ ਤਾਰ ਦੇ ਨਾਲ ਲੱਗਦੀ ਕਰੀਬ 10-15 ਕਿੱਲੇ ਖੇਤੀਬਾੜੀ ਜ਼ਮੀਨ ਹੈ, ਜਿਸ ਦੀ ਵਰਤੋਂ ਉਹ ਸਰਹੱਦ ਪਾਰੋਂ ਖੇਪਾਂ ਪ੍ਰਾਪਤ ਕਰਨ ਲਈ ਕਰ ਰਹੇ ਸਨ।ਦੂਜੇ ਅਪਰੇਸ਼ਨ ਬਾਰੇ ਆਈ.ਜੀ.ਪੀ. ਨੇ ਦੱਸਿਆ ਕਿ ਸਪੈਸ਼ਲ ਸੈੱਲ ਦੀ ਵਿਸ਼ੇਸ਼ ਟੀਮ ਨੇ ਦਾਣਾ ਮੰਡੀ, ਲੋਪੋਕੇ ਨੇੜੇ ਅੰਮ੍ਰਿਤਪਾਲ ਸਿੰਘ ਅਤੇ ਸਤਨਾਮ ਸਿੰਘ ਨੂੰ ਘੇਰ ਕੇ ਮੌਕੇ 'ਤੇ ਪੰਜ ਵਿਦੇਸ਼ੀ ਪਿਸਤੌਲ ਬਰਾਮਦ ਕੀਤੇ, ਜਦੋਂ ਕਿ ਬਾਅਦ ਵਿੱਚ ਕੀਤੀ ਪੁੱਛਗਿੱਛ ਦੌਰਾਨ ਚਾਰ ਹੋਰ ਪਿਸਤੌਲ ਬਰਾਮਦ ਕੀਤੇ ਗਏ, ਜਿਸ ਨਾਲ ਕੁੱਲ ਬਰਾਮਦਗੀ ਨੌਂ ਪਿਸਤੌਲ ਅਤੇ 25 ਜਿੰਦਾ ਕਾਰਤੂਸ ਹੋ ਗਈ।ਅੰਮ੍ਰਿਤਸਰ ਦਿਹਾਤੀ ਦੇ ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ.) ਕੰਵਲਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ ਬਰਾਮਦ ਕੀਤੇ ਗਏ ਨੌਂ ਪਿਸਤੌਲਾਂ ਵਿੱਚ ਦੋ ਜ਼ਿਗਾਣਾ, ਛੇ .30 ਬੋਰ ਅਤੇ ਇੱਕ .32 ਬੋਰ ਦਾ ਪਿਸਤੌਲ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਅੰਮ੍ਰਿਤਪਾਲ ਸਿੰਘ ਖ਼ਿਲਾਫ਼ ਪਹਿਲਾਂ ਵੀ ਥਾਣਾ ਛੇਹਰਟਾ ਵਿਖੇ ਐਨ.ਡੀ.ਪੀ.ਐਸ. ਐਕਟ ਤਹਿਤ ਕੇਸ ਦਰਜ ਹੈ।ਐਸ.ਐਸ.ਪੀ. ਨੇ ਦੱਸਿਆ ਕਿ ਉਨ੍ਹਾਂ ਦੇ ਇੱਕ ਹੋਰ ਸਾਥੀ ਦੀ ਵੀ ਪਛਾਣ ਕਰ ਲਈ ਗਈ ਹੈ ਅਤੇ ਫ਼ਰਾਰ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਲਈ ਪੁਲਿਸ ਟੀਮਾਂ ਛਾਪੇਮਾਰੀ ਕਰ ਰਹੀਆਂ ਹਨ।ਇਸ ਸਬੰਧੀ ਦੋ ਵੱਖ-ਵੱਖ ਮਾਮਲੇ ਦਰਜ ਕੀਤੇ ਗਏ ਹਨ, ਪਹਿਲਾ ਮਾਮਲਾ ਥਾਣਾ ਘਰਿੰਡਾ ਵਿਖੇ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ 18-ਸੀ ਅਤੇ 29 ਅਤੇ ਅਰਮਜ਼ ਐਕਟ ਦੀ ਧਾਰਾ 25(8) ਤਹਿਤ ਐੱਫ.ਆਈ.ਆਰ. ਨੰਬਰ 424 ਮਿਤੀ 29.09.2026 ਦਰਜ ਕੀਤਾ ਗਿਆ ਹੈ, ਜਦੋਂ ਕਿ ਦੂਜਾ ਮਾਮਲਾ ਥਾਣਾ ਲੋਪੋਕੇ ਵਿਖੇ ਅਰਮਜ਼ ਐਕਟ ਦੀ ਧਾਰਾ 25(8) ਅਤੇ ਭਾਰਤੀ ਨਿਆਂ ਸੰਹਿਤਾ ਦੀ ਧਾਰਾ 61(2) ਤਹਿਤ ਐਫ.ਆਈ.ਆਰ. ਨੰਬਰ 310 ਮਿਤੀ 29.09.2026 ਦਰਜ ਕੀਤਾ ਗਿਆ ਹੈ।

**☛ ਪੁਲਿਸ ਟੀਮਾਂ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 15 ਕਿਲੋ ਅਫੀਮ ਵੀ ਬਰਾਮਦ ☛ ਇੱਕ ਹੋਰ ਮੁਲਜ਼ਮ ਦੀ ਹੋਈ ਪਛਾਣ; ਪੁਲਿਸ ਟੀਮਾਂ ਵੱਲੋਂ ਫ਼ਰਾਰ ਮੁਲਜ਼ਮ ਨੂੰ ਕਾਬੂ ਕਰਨ ਲਈ ਛਾਪੇਮਾਰੀ ਜਾਰੀ: ਆਈ.ਜੀ.ਪੀ. ਗੁਰਪ੍ਰੀਤ ਭੁੱਲਰ**

## ਬ੍ਰਹਮ ਗਿਆਨੀ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਜੋੜ ਮੇਲੇ ਨੂੰ ਸਮਰਪਿਤ ਤਿੰਨ ਰੋਜ਼ਾ ਵਿਸ਼ਾਲ ਲੰਗਰ ਲਾਇਆ ਤੇ ਸਮਾਗਮ ਕਰਵਾਇਆ



ਫ਼ਿਰੋਜ਼ਪੁਰ, 10 ਅਕਤੂਬਰ (ਮਨੋਹਰ ਲਾਲ) :— ਬ੍ਰਹਮ ਗਿਆਨੀ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਪਵਿੱਤਰ ਜੋੜ ਮੇਲੇ ਮੌਕੇ ਚੌਥਾ ਸਲਾਨਾ ਲੰਗਰ ਭੰਡਾਰਾ ਤਿੰਨ ਦਿਨਾਂ ਲਈ ਜ਼ੀਰਾ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਲਗਾਇਆ ਗਿਆ ਹੈ। ਇਸ ਸਮਾਗਮ ਦੀ ਸ਼ੁਰੂਆਤ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਭੋਗ ਉਪਰੰਤ ਵਿਸ਼ਾਲ ਦੀਵਾਨ ਸਜਾਏ ਗਏ, ਜਿਸ ਵਿੱਚ ਪ੍ਰਸਿੱਧ ਰਾਗੀ ਸਿੰਘ ਗਿਆਨੀ ਸੁਖਜੀਤ ਸਿੰਘ ਖਾਲਸਾ ਫ਼ਿਰੋਜ਼ਪੁਰ ਵਾਲਿਆਂ ਨੇ ਆਪਣੇ ਮਧੁਰ ਕੰਠ ਰਾਹੀਂ ਕਥਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਉਨ੍ਹਾਂ ਧੰਨ—ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਜੀਵਨ ਇਤਿਹਾਸ ਬਾਰੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਵਿਸਥਾਰ ਪੂਰਵਕ ਚਾਨਣਾ ਪਾਇਆ। ਗਿਆਨੀ ਸੁਖਜੀਤ ਸਿੰਘ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਅਤੇ ਸਮਾਜ ਵਿੱਚੋਂ ਨਸ਼ਿਆਂ ਦਾ ਮੁਕੰਮਲ ਤਿਆਗ ਕਰਨ। ਇਸ ਧਾਰਮਿਕ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰੀ ਭਰ ਰਹੀਆਂ ਹਨ।

## ਆਓ ਭਾਰਤ ਨੂੰ ਮਹਾਨ ਬਣਾਈਏ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 10 ਅਕਤੂਬਰ (ਮਨੋਹਰ ਲਾਲ) :— ਇਕੋ—ਇਕ ਸੰਸਥਾ ਤੇ ਇਕੋ ਇਕ ਕਾਮ ਆਓ ਭਾਰਤ ਨੂੰ ਬਣਾਈਏ ਮਹਾਨ। ਇਹ ਵਿਚਾਰ ਸਾਂਝੇ ਕਰਦਿਆਂ ਪੀ.ਸੀ ਕੁਮਾਰ ਨੇ ਸਮਾਜ ਨੂੰ ਇਕ ਪਲੇਟਫਾਰਮ ਤੇ ਇਕੱਠੇ ਹੋ ਕੇ ਪੰਜਾਬ, ਭਾਰਤ ਦੀ ਤਰੱਕੀ ਖ਼ੁਸ਼ਹਾਲੀ ਦੀ ਕਾਮਨਾ ਕੀਤੀ। ਜ਼ਿਕਰਯੋਗ ਹੈ ਕਿ ਪੀ.ਸੀ ਕੁਮਾਰ ਜਿਸ ਨੂੰ ਦਾਤਨਾ ਵਾਲਾ ਐਮ.ਸੀ, ਸਮਾਜ ਸੇਵਕ ਸੁਧਾਰਕ, ਮਨੁੱਖਤਾ ਦੇ ਸੇਵਕ ਵਜੋਂ ਜਾਣਿਆ ਜਾਂਦਾ ਹੈ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਨਹੀਂਬਲਕਿ ਜੀਵ ਜੰਤੂਆਂ ਤੇ ਕੁਦਰਤ ਨਾਲ ਪਿਆਰ ਹੀ ਨਹੀਂ ਬਲਕਿ ਕਾਂਟ ਛਾਂਟ, ਛੇੜ ਛਾੜ ਕਰਨ ਵਿਰੁੱਧ ਵੀ ਮੁਹਿੰਮ ਪਿਛਲੇ ਪੰਜਾਹ ਸਾਲਾਂ ਤੋਂ ਬੱਚਿਆਂ, ਅਧਿਆਪਕਾਂ, ਮਾਪਿਆਂ, ਬੁੱਧੀਜੀਵੀਆਂ ਨੂੰ ਨਾਲ ਲੈ ਕੇ ਰੋਜਾਨਾ ਸੁਭਾ ਦੀਆਂ ਸਭਾਵਾਂ ਵਿਚ ਜਿਥੇ ਘਰ ਵਿਚ ਸਕੂਲ ਤੇ ਸਮਾਜ ਵਿਚ ਵਧੀਆ ਬੱਚੇ ਵਿਦਿਆਰਥੀ ਬਨ ਆਉਣ ਵਾਲੇ ਦੇਸ਼ਾਂ ਦੇ ਵਾਰਿਸ ਵਧੀਆ ਸ਼ਹੀਦਾਂ ਦੇ ਸੁਪਨਿਆਂ ਦਾ ਦੇਸ਼ ਬਣਾਉਣ ਵਾਲੇ ਹਜ਼ਾਰਾਂ ਲੱਖਾਂ ਨਹੀਂ ਬਲਕਿ ਕਰੋੜਾਂ ਦੀ ਗਿਣਤੀ ਵਿਚ ਵਿਸ਼ਵ ਵਿਚ ਭਾਰਤ ਦਾ ਨਾਮ ਰੋਸ਼ਨ ਕਰਕੇ ਅੱਜ ਪੀ.ਸੀ ਕੁਮਾਰ ਦੇ ਲਗਾਏ ਪੌਦੇ ਭਲੀਭੂਤ ਵੱਧ ਰਹੇ ਹਨ।

## ਬਿਜਲੀ ਵਿਭਾਗ ਵੱਲੋਂ ਖੇਤੀਬਾੜੀ ਖਪਤਕਾਰਾਂ ਲਈ ਵੀ.ਡੀ.ਐੱਸ.ਸਕੀਮ ਸ਼ੁਰੂ-ਐਸ.ਡੀ.ਓ.ਅਨਮੋਲਪ੍ਰੀਤ ਸਿੰਘ ਮਲੌਦ

### ਖੇਤੀਬਾੜੀ (ਏ.ਪੀ.) ਦੇ ਖਪਤਕਾਰ ਘੱਟ ਖਰਚੇ ਤੇ ਕਰਵਾ ਸਕਣਗੇ ਆਪਣਾ ਲੋਡ ਨਿਯਮਤ

ਜਗਰਾਉਂ, (ਵਰਿਆਮ ਹਠੂਰ)-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਖੇਤੀਬਾੜੀ (ਏ.ਪੀ.) ਖਪਤਕਾਰਾਂ ਨੂੰ ਵੱਡੀ ਸਹੂਲਤ ਦਿੰਦੇ ਹੋਏ ਸਵੈਇਛੁੱਕ ਪ੍ਰਗਟਾਵਾ ਸਕੀਮ (ਵੀ.ਡੀ.ਐਸ.) ਜਾਰੀ ਕੀਤੀ ਗਈ ਹੈ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਬਿਜਲੀ ਵਿਭਾਗ ਦੇ ਸਬਅਰਬਨ ਉਪ ਮੰਡਲ ਜਗਰਾਉਂ ਦੇ



ਐਸ.ਡੀ.ਓ.ਇੰਜ:ਅਨਮੋਲਪ੍ਰੀਤ ਸਿੰਘ ਮਲੌਦ ਨੇ ਦੱਸਿਆ ਕਿ ਇਸ ਸਕੀਮ ਤਹਿਤ ਖੇਤੀਬਾੜੀ ਟਿਊਬਵੈਲ (ਏ.ਪੀ.) ਨਾਲ ਸਬੰਧਿਤ ਬਿਜਲੀ ਖਪਤਕਾਰ 14 ਨਵੰਬਰ 2026 ਤੱਕ ਆਪਣਾ ਲੋਡ ਵਧਾਕੇ ਨਿਯਮਤ ਕਰਵਾ ਸਕਦੇ ਹਨ। ਉਹਨਾਂ ਦੱਸਿਆ ਕਿ ਵੀ.ਡੀ.ਐਸ.ਸਕੀਮ ਰਾਹੀਂ ਖੇਤੀਬਾੜੀ ਟਿਊਬਵੈਲ (ਏ.ਪੀ.) ਖਪਤਕਾਰਾਂ ਨੂੰ ਵਾਧੂ ਲੋਡ ਨਿਯਮਤ ਕਰਵਾਉਣ ਲਈ ਸਰਵਿਸ ਕੁਨੈਕਸ਼ਨ ਚਾਰਜਿਜ਼ ਪ੍ਰਤੀ ਹਾਰਸ ਪਾਵਰ 6572-00 ਰੁਪਏ ਦੀ ਬਜਾਏ 2500-00 ਰੁਪਏ ਪ੍ਰਤੀ ਹਾਰਸ ਪਾਵਰ ਅਤੇ ਸੁਰੱਖਿਆ (ਖਪਤ) 400-00 ਰੁਪਏ ਦੀ ਬਜਾਏ 200-00 ਰੁਪਏ ਪ੍ਰਤੀ ਹਾਰਸ ਪਾਵਰ ਦੇ ਹਿਸਾਬ ਨਾਲ ਭੁਗਤਾਨ ਕਰਨਾ ਪਵੇਗਾ। ਐਸ.ਡੀ.ਓ.ਇੰਜ:ਅਨਮੋਲਪ੍ਰੀਤ ਸਿੰਘ ਨੇ ਹੋਰ ਦੱਸਿਆ ਕਿ ਟਿਊਬਵੈਲ (ਏ.ਪੀ.) ਖਪਤਕਾਰਾਂ ਨੂੰ ਲੋਡ ਵਧਾਉਣ ਲਈ ਲੋੜੀਂਦਾ ਸਵੈ-ਘੋਸ਼ਣਾ/ਨਿਰਧਾਰਿਤ ਫਾਰਮ ਸਬੰਧਿਤ ਉਪ ਮੰਡਲ ਦਫ਼ਤਰ ਵੱਲੋਂ ਮੁਫ਼ਤ ਮੁਹੱਈਆ ਕਰਵਾਇਆ ਜਾਵੇਗਾ ਅਤੇ ਵੀ.ਡੀ.ਐਸ. ਸਕੀਮ ਦੀ ਚੋਣ ਕਰਨ ਵਾਲੇ ਖਪਤਕਾਰਾਂ ਤੋਂ ਤਾਜਾ ਏ.ਐਂਡ.ਏ.ਫਾਰਮ/ ਟੈਸਟ ਰਿਪੋਰਟ ਆਦਿ ਨਹੀਂ ਲਏ ਜਾਣਗੇ। ਕੇਵਲ ਅਧਾਰ ਕਾਰਡ ਜਾਂ ਪਛਾਣ ਪੱਤਰ ਦੀ ਕਾਪੀ ਲਈ ਜਾਵੇਗੀ। ਐਸ.ਡੀ.ਓ.ਇੰਜ:ਅਨਮੋਲਪ੍ਰੀਤ ਸਿੰਘ ਮਲੌਦ ਨੇ ਸਮੂਹ ਕਿਸਾਨ ਭਰਾਵਾਂ ਨੂੰ ਅਪੀਲ ਕਰਦੇ ਹੋਏ ਆਖਿਆ ਕਿ ਉਹ ਆਪਣੇ ਏਰੀਏ ਨਾਲ ਸਬੰਧਿਤ ਉਪ ਮੰਡਲ ਦਫਤਰਾਂ ਵਿੱਚ ਪਹੁੰਚਕੇ 14 ਨਵੰਬਰ ਤੋਂ ਪਹਿਲਾਂ-ਪਹਿਲਾਂ ਆਪਣਾ ਲੋਡ ਨਿਯਮਤ ਕਰਵਾਉਣ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਜਾਰੀ ਕੀਤੀ ਗਈ ਸਵੈਇਛੁੱਕ ਪ੍ਰਗਟਾਵਾ ਸਕੀਮ (ਵੀ.ਡੀ.ਐਸ.) ਦਾ ਲਾਹਾ ਲੈਣ।

### ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ 21ਵੀਂ ਸਦੀ ਦੇ ਹੁਨਰਾਂ ਬਾਰੇ

# ਅਧਿਆਪਕਾਂ ਦੀ ਸਮਰੱਥਾ ਨਿਰਮਾਣ ਵਰਕਸ਼ਾਪ ਕਰਵਾਈ ਗਈ



**ਬਿਲਾਸਪੁਰ/ਮੋਗਾ (ਵਰਿਆਮ ਹਠੂਰ)**-ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿਖੇ ਅਧਿਆਪਕਾਂ ਦੇ ਪੇਸ਼ੇਵਰ ਵਿਕਾਸ ਅਤੇ ਉਨ੍ਹਾਂ ਦੇ ਅਧਿਆਪਨ ਹੁਨਰਾਂ ਨੂੰ ਹੋਰ ਨਿਖਾਰਨ ਦੇ ਉਦੇਸ਼ ਨਾਲ '21ਵੀਂ ਸਦੀ ਦੇ ਹੁਨਰ' ਵਿਸ਼ੇ 'ਤੇ ਸਮਰੱਥਾ ਨਿਰਮਾਣ ਵਰਕਸ਼ਾਪ ਕਰਵਾਈ ਗਈ। ਇਸ ਵਰਕਸ਼ਾਪ ਦੀ ਅਗਵਾਈ ਅਮਨ ਕੌਰ ਭਾਟੀਆ ਵੱਲੋਂ ਕਰਦਿਆਂ ਅਧਿਆਪਕਾਂ ਨੂੰ ਆਧੁਨਿਕ ਸਿੱਖਿਆ ਪ੍ਰਣਾਲੀ ਦੀਆਂ ਲੋੜਾਂ ਅਤੇ ਨਵੀਆਂ ਅਧਿਆਪਨ ਤਕਨੀਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਵਰਕਸ਼ਾਪ ਦੌਰਾਨ ਸੰਚਾਰ ਹੁਨਰ, ਰਚਨਾਤਮਕ ਸੋਚ, ਸਮੱਸਿਆਵਾਂ ਨੂੰ ਹੱਲ ਕਰਨ ਦੀ ਸਮਰੱਥਾ, ਆਪਸੀ ਸਹਿਯੋਗ ਅਤੇ ਤਕਨਾਲੋਜੀ ਦੀ ਸਹੀ ਵਰਤੋਂ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਚਰਚਾ ਕੀਤੀ ਗਈ। ਅਮਨ ਕੌਰ ਭਾਟੀਆ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਅਧਿਆਪਕਾਂ ਦੀ ਭੂਮਿਕਾ ਸਿਰਫ਼ ਪਾਠਕ੍ਰਮ ਪੜ੍ਹਾਉਣ ਤੱਕ ਸੀਮਤ ਨਹੀਂ ਰਹੀ, ਸਗੋਂ ਵਿਦਿਆਰਥੀਆਂ ਵਿੱਚ ਜੀਵਨ ਨਾਲ ਜੁੜੇ ਹੁਨਰ ਵਿਕਸਿਤ ਕਰਨਾ ਵੀ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਅਧਿਆਪਕਾਂ ਨੂੰ ਵਿਦਿਆਰਥੀ-ਕੇਂਦਰਿਤ ਅਤੇ ਗਤੀਵਿਧੀਆਂ ਆਧਾਰਿਤ ਅਧਿਆਪਨ ਵਿਧੀਆਂ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਵਰਕਸ਼ਾਪ ਰਾਹੀਂ ਅਧਿਆਪਕਾਂ ਨੂੰ ਆਪਣੇ ਗਿਆਨ ਵਿੱਚ ਵਾਧਾ ਕਰਨ ਅਤੇ ਕਲਾਸਰੂਮ ਵਿੱਚ ਪ੍ਰਭਾਵਸ਼ਾਲੀ ਅਧਿਆਪਨ ਵਿਧੀਆਂ ਲਾਗੂ ਕਰਨ ਬਾਰੇ ਲਾਹੇਵੰਦ ਜਾਣਕਾਰੀ ਪ੍ਰਾਪਤ ਹੋਈ। ਸਕੂਲ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸਮਾਜ ਸੇਵੀ ਸਰਦਾਰ ਚਰਨ ਸਿੰਘ ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ, ਡਾਇਰੈਕਟਰ ਮੋਹਨੀਸ਼ ਮਿਸ਼ਾ ਅਤੇ ਪ੍ਰਿੰਸੀਪਲ ਜਸਮੇਲ ਸਿੰਘ ਕਲਸੀ ਨੇ ਬੋਲਦੇ ਹੋਏ ਕਿਹਾ ਕੇ ਅਜਿਹੇ ਸਿਖਲਾਈ ਪ੍ਰੋਗਰਾਮਾਂ ਨੂੰ ਅਧਿਆਪਕਾਂ ਦੀ ਸਮਰੱਥਾ ਵਧਾਉਣ ਅਤੇ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਲਗਾਤਾਰ ਕਰਵਾਏ ਜਾਣਗੇ।

**ਵਿਦਿਆਰਥੀਆਂ ਵਿੱਚ ਜੀਵਨ ਨਾਲ ਜੁੜੇ ਹੁਨਰ ਵਿਕਸਤ ਕਰਨਾ ਬਹੁਤ ਜਰੂਰੀ -ਅਮਨ ਕੌਰ ਭਾਟੀਆ**

ਆਵਾਜ਼ਿ ਕੌਮ AWAZE QAUM International Newspaper & WEB TV

### ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ

# ਦਸ ਹਲਕਿਆਂ ਦੇ ਕੋਆਰਡੀਨੇਟਰਾਂ ਦਾ ਕੀਤਾ ਐਲਾਨ



ਭਾਈ ਮਨਜੀਤ ਸਿੰਘ | ਸ. ਦਵਿੰਦਰ ਸਿੰਘ ਸੋਢੀ | ਸ. ਭਗਵੰਤ ਸਿੰਘ ਫਤਿਹਜਲਾਲ | ਐਡ.ਅਮਨਦੀਪ ਸਿੰਘ ਭਲਾਈਕੇ | ਪਰਮਿੰਦਰ ਸਿੰਘ ਲੁਧਿਆਣਾ

ਸ. ਜਸਬੀਰ ਸਿੰਘ ਭੁੱਲਰ | ਸ. ਦੀਵਾਨ ਸਿੰਘ ਡਿੱਖ ਮੀਤ ਪ੍ਰਧਾਨ | ਸ. ਰਜਿੰਦਰ ਸਿੰਘ ਰਾਜਾ | ਸ. ਹਰਪ੍ਰੀਤ ਸਿੰਘ ਰਾਜੀਆ | ਸ. ਮਹਿੰਦਰ ਸਿੰਘ ਚੌਹਾਨਕੇ

**ਚੰਡੀਗੜ੍ਹ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਪਾਰਟੀ ਦੀ ਮਜਬੂਤੀ ਲਈ ਦਸ ਹੋਰ ਹਲਕਿਆਂ ਦੇ ਕੋਆਰਡੀਨੇਟਰ ਐਲਾਨੇ ਗਏ। ਪਾਰਟੀ ਦੇ ਸਕੱਤਰ ਜਰਨਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਦਸ ਵੱਖ-ਵੱਖ ਹਲਕਿਆਂ ਦੇ ਕੋਆਰਡੀਨੇਟਰ ਵਜੋਂ ਨਾਵਾਂ ਦਾ ਐਲਾਨ ਕੀਤਾ ਗਿਆ ਹੈ ਜਿੰਨਾ ਵਿੱਚ ਭਾਈ ਮਨਜੀਤ ਸਿੰਘ ਹਲਕਾ ਖੇਮਕਰਨ, ਸ ਦਵਿੰਦਰ ਸਿੰਘ ਸੋਢੀ ਹਲਕਾ ਸ੍ਰੀ ਮੁਕਤਸਰ ਸਾਹਿਬ, ਸ ਭਗਵੰਤ ਸਿੰਘ ਫਤਿਹ ਜਲਾਲ ਹਲਕਾ ਕਰਤਾਰਪੁਰ, ਐਡਵੋਕੇਟ ਅਮਨਦੀਪ ਸਿੰਘ ਭਲਾਈ ਕੇ ਹਲਕਾ ਸਰਦੂਲਗੜ੍ਹ, ਸ ਪਰਮਿੰਦਰ ਸਿੰਘ ਲੁਧਿਆਣਾ ਹਲਕਾ ਆਤਮ ਨਗਰ ਲੁਧਿਆਣਾ, ਸ ਜਸਬੀਰ ਸਿੰਘ ਭੁੱਲਰ ਹਲਕਾ ਫਿਰੋਜ਼ਪੁਰ ਸ਼ਹਿਰੀ, ਸ ਦੀਵਾਨ ਸਿੰਘ ਡਿੱਖ ਹਲਕਾ ਭੁੱਚੋ ਮੰਡੀ, ਸ ਰਾਜਿੰਦਰ ਸਿੰਘ ਰਾਜਾ ਹਲਕਾ ਮਲੋਟ, ਸ ਹਰਪ੍ਰੀਤ ਸਿੰਘ ਰਾਜੀਆਂ ਹਲਕਾ ਭਦੌੜ ਅਤੇ ਮਹਿਲ ਕਲਾਂ ਤੋਂ ਸ ਮੁਹਿੰਦਰ ਸਿੰਘ ਚੌਹਾਨਕੇ ਕੋਆਰਡੀਨੇਟਰ ਹੋਣਗੇ। ਸ ਵਡਾਲਾ ਨੇ ਆਸ ਪ੍ਰਗਟਾਉਂਦਿਆਂ ਕਿਹਾ ਕਿ ਇਹ ਹਲਕਾ ਇੰਚਾਰਜ ਆਪਣੇ ਹਲਕਿਆਂ ਵਿੱਚ ਪਾਰਟੀ ਦੀ ਮਜਬੂਤੀ ਲਈ ਕੰਮ ਕਰਨਗੇ ਜਿਸ ਕਰਕੇ ਆਮ ਲੋਕਾਂ ਵਿੱਚ ਪਾਰਟੀ ਦੀ ਹਰਮਨ ਪਿਆਰਤਾ ਵਧੇਗੀ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਦਿਆਰਥੀਆਂ ਦੇ ਬਿਹਤਰ ਭਵਿੱਖ ਲਈ ਸੇਂਟ ਸੋਲਜਰ ਸਕੂਲ ਵਿਖੇ ਮਾਪੇ-ਅਧਿਆਪਕ ਮੀਟਿੰਗ ਦਾ ਆਯੋਜਨ



ਜੰਡਿਆਲਾ ਗੁਰੂ 10 ਅਕਤੂਬਰ ( ਕੁਲਵੰਤ ਸਿੰਘ ਵਿਰਦੀ ) ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿਖੇ ਪਹਿਲੇ ਟਰਮ ਦੀਆਂ ਪ੍ਰੀਖਿਆਵਾਂ ਦੇ ਨਤੀਜਿਆਂ ਸਬੰਧੀ ਮਾਪੇ-ਅਧਿਆਪਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਦੀ ਵਿੱਦਿਅਕ ਕਾਰਗੁਜ਼ਾਰੀ ਨੂੰ ਬਿਹਤਰ ਬਣਾਉਣ ਲਈ ਮਾਪਿਆਂ ਅਤੇ ਅਧਿਆਪਕਾਂ ਨੇ ਵਿਚਾਰ-ਚਰਚਾ ਕੀਤੀ।ਇਸ ਮੀਟਿੰਗ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਵਿੱਦਿਅਕ ਕਾਰਗੁਜ਼ਾਰੀ ਦੀ ਸਮੀਖਿਆ ਕਰਨਾ, ਉਨ੍ਹਾਂ ਦੀਆਂ ਕਮਜ਼ੋਰੀਆਂ ਦੀ ਪਛਾਣ ਕਰਨਾ ਅਤੇ ਆਉਣ ਵਾਲੀਆਂ ਪ੍ਰੀਖਿਆਵਾਂ ਵਿੱਚ ਬਿਹਤਰ ਨਤੀਜੇ ਪ੍ਰਾਪਤ ਕਰਨ ਲਈ ਯੋਜਨਾਬੱਧ ਢੰਗ ਨਾਲ ਕੰਮ ਕਰਨਾ ਸੀ ਮੀਟਿੰਗ ਦੌਰਾਨ ਅਧਿਆਪਕਾਂ ਨੇ ਮਾਪਿਆਂ ਨਾਲ ਵਿਦਿਆਰਥੀਆਂ ਦੇ ਪ੍ਰੀਖਿਆ ਨਤੀਜਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਘੱਟ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵੱਲ ਵਿਸ਼ੇਸ਼ ਧਿਆਨ ਦਿੱਤਾ ਗਿਆ ਅਤੇ ਉਨ੍ਹਾਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਲਿਆਉਣ ਲਈ ਲੋੜੀਂਦੇ ਕਦਮਾਂ ਬਾਰੇ ਚਰਚਾ ਕੀਤੀ ਗਈ। ਇਸ ਮੌਕੇ ਮਾਪਿਆਂ ਤੋਂ ਵੀ ਕੀਮਤੀ ਸੁਝਾਅ ਪ੍ਰਾਪਤ ਕੀਤੇ ਗਏ ਸਕੂਲ ਦੇ ਸਤਿਕਾਰਯੋਗ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ .ਅਮਰਪ੍ਰੀਤ ਕੌਰ ਨੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਿਦਿਆਰਥੀਆਂ ਦੀ ਵਿੱਦਿਅਕ ਕਾਰਗੁਜ਼ਾਰੀ ਵਿੱਚ ਸੁਧਾਰ ਲਿਆਉਣ ਲਈ ਜ਼ਰੂਰੀ ਮਾਰਗਦਰਸ਼ਨ ਦਿੱਤਾ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਘੱਟ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਾਧੂ ਧਿਆਨ ਦੇਣ, ਨਿਯਮਤ ਅਭਿਆਸ ਕਰਵਾਉਣ, ਪੜ੍ਹਾਈ ਵਿੱਚ ਇਕਾਗਰਤਾ ਵਧਾਉਣ ਅਤੇ ਸਮੇਂ ਸਿਰ ਅਸਾਈਨਮੈਂਟਾਂ ਪੂਰੀਆਂ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸਫਲਤਾ ਲਈ ਮਾਪਿਆਂ ਅਤੇ ਅਧਿਆਪਕਾਂ ਵਿਚਕਾਰ ਆਪਸੀ ਸਹਿਯੋਗ ਬਹੁਤ ਜ਼ਰੂਰੀ ਹੈ। ਜੇਕਰ ਦੋਵੇਂ ਮਿਲ ਕੇ ਬੱਚਿਆਂ ਦੀਆਂ ਸਿੱਖਣ ਸਬੰਧੀ ਕਮੀਆਂ ਨੂੰ ਦੂਰ ਕਰਨ ਲਈ ਯਤਨ ਕਰਨ, ਤਾਂ ਵਿਦਿਆਰਥੀ ਆਪਣੀ ਕਾਰਗੁਜ਼ਾਰੀ ਵਿੱਚ ਮਹੱਤਵਪੂਰਨ ਸੁਧਾਰ ਕਰ ਸਕਦੇ ਹਨ। ਇਸ ਦੇ ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆਂ ਦੀ ਪ੍ਰਗਤੀ ਦੀ ਨਿਯਮਤ ਨਿਗਰਾਨੀ ਕਰਨ ਅਤੇ ਉਨ੍ਹਾਂ ਨੂੰ ਸਕਾਰਾਤਮਕ ਮਾਹੌਲ ਪ੍ਰਦਾਨ ਕਰਨ ਦੀ ਮਹੱਤਤਾ ਵੀ ਦੱਸੀ ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਸਕੂਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਦਾ ਸਰਵਪੱਖੀ ਵਿਕਾਸ ਕਰਨਾ ਹੈ। ਅਜਿਹੀਆਂ ਮੀਟਿੰਗਾਂ ਮਾਪਿਆਂ ਅਤੇ ਅਧਿਆਪਕਾਂ ਵਿਚਕਾਰ ਤਾਲਮੇਲ ਵਧਾਉਣ ਦੇ ਨਾਲ-ਨਾਲ ਬੱਚਿਆਂ ਦੇ ਉੱਜਵਲ ਭਵਿੱਖ ਦੀ ਨੀਂਹ ਮਜ਼ਬੂਤ ਕਰਦੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਖਾਲੜਾ ਪੁਲਿਸ ਅਤੇ ਬੀਐੱਸਐੱਫ ਨੇ ਸਰਹੱਦੀ ਖੇਤਰ ਵਿੱਚੋਂ ਪਿਸਤੌਲ, ਮੈਗਜ਼ੀਨ ਅਤੇ ਤਿੰਨ ਜ਼ਿੰਦਾ ਕਾਰਤੂਸ ਕੀਤੇ ਬਰਾਮਦ



**ਭਿੱਖੀ ਵਿੰਡ ( ਖਾਲੜਾ), 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ-ਪਾਕਿਸਤਾਨ ਕੌਮਾਂਤਰੀ ਸਰਹੱਦ ਨਾਲ ਲੱਗਦੇ ਵਾਂ ਤਾਰਾ ਸਿੰਘ ਸੈਕਟਰ ਦੇ ਖੇਤਾਂ ਵਿੱਚੋਂ ਖਾਲੜਾ ਪੁਲਿਸ ਅਤੇ ਸੀਮਾ ਸੁਰੱਖਿਆ ਬਲ (ਬੀਐੱਸਐੱਫ) ਨੇ ਸਾਂਝੇ ਤਲਾਸ਼ੀ ਅਭਿਆਨ ਦੌਰਾਨ ਇੱਕ ਪਿਸਤੌਲ, ਇੱਕ ਮੈਗਜ਼ੀਨ ਅਤੇ ਤਿੰਨ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਬਰਾਮਦ ਕੀਤੀ ਗਈ ਪਿਸਤੌਲ ਨੂੰ ਜੰਗ ਲੱਗੀ ਹੋਈ ਸੀ। ਪੁਲਿਸ ਨੇ ਹਥਿਆਰ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਸਬੰਧੀ ਥਾਣਾ ਖਾਲੜਾ ਦੇ ਇੰਸਪੈਕਟਰ ਆਰਜੂ ਕੰਬੋਜ ਅਤੇ ਏਐੱਸਆਈ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਟੀਮ ਵੱਲੋਂ ਬੀਐੱਸਐੱਫ ਦੀ 142ਵੀਂ ਬਟਾਲੀਅਨ ਦੇ ਵਾਂ ਤਾਰਾ ਸਿੰਘ ਵਿਖੇ ਤਾਇਨਾਤ ਕੰਪਨੀ ਕਮਾਂਡਰ ਧਰਮ ਜੈ ਕੁਮਾਰ ਦੀ ਅਗਵਾਈ ਹੇਠ ਸਾਂਝਾ ਤਲਾਸ਼ੀ ਅਭਿਆਨ ਚਲਾਇਆ ਗਿਆ। ਇਸ ਦੌਰਾਨ ਵਾਂ ਤਾਰਾ ਸਿੰਘ ਦੇ ਖੇਤਾਂ ਵਿੱਚੋਂ ਇੱਕ ਪੀਲੇ ਰੰਗ ਦੇ ਪੈਕੇਟ ਵਿੱਚੋਂ ਜੰਗ ਲੱਗੀ ਹੋਈ 30 ਬੋਰ ਦੀ ਪਿਸਤੌਲ ਬਰਾਮਦ ਹੋਈ। ਪਿਸਤੌਲ ਉੱਤੇ ਇਸ ਦੇ ਆਸਟ੍ਰੇਲੀਆ ਵਿੱਚ ਬਣੇ ਹੋਣ ਦਾ ਜ਼ਿਕਰ ਸੀ। ਇਸ ਦੇ ਨਾਲ ਇੱਕ ਮੈਗਜ਼ੀਨ ਅਤੇ ਤਿੰਨ ਜ਼ਿੰਦਾ ਕਾਰਤੂਸ ਵੀ ਮਿਲੇ। ਥਾਣਾ ਖਾਲੜਾ ਦੇ ਇੰਸਪੈਕਟਰ ਆਰਜੂ ਕੰਬੋਜ ਅਤੇ ਏਐੱਸਆਈ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਬਰਾਮਦ ਕੀਤੇ ਹਥਿਆਰ ਨੂੰ ਕਬਜ਼ੇ ਵਿੱਚ ਲੈ ਕੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਮਾਮਲੇ ਵਿੱਚ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮੁਕੱਦਮਾ ਨੰਬਰ 279 ਦਰਜ ਕੀਤਾ ਗਿਆ ਹੈ। ਪੁਲਿਸ ਵੱਲੋਂ ਅਸਲਾ ਐਕਟ ਦੀਆਂ ਸਬੰਧਤ ਧਾਰਾਵਾਂ 25, 26 ਅਤੇ 29 ਤਹਿਤ ਕਾਰਵਾਈ ਕਰਦਿਆਂ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਅਧਿਕਾਰੀਆਂ ਅਨੁਸਾਰ ਬਰਾਮਦ ਕੀਤੇ ਗਏ ਹਥਿਆਰ ਅਤੇ ਕਾਰਤੂਸਾਂ ਸਬੰਧੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਇਹ ਹਥਿਆਰ ਖੇਤਾਂ ਵਿੱਚ ਕਿਵੇਂ ਪਹੁੰਚਿਆ ਅਤੇ ਇਸ ਨੂੰ ਉੱਥੇ ਕਿਸ ਵਿਅਕਤੀ ਵੱਲੋਂ ਲੁਕਾਇਆ ਗਿਆ ਸੀ। ਜਾਂਚ ਦੌਰਾਨ ਮਾਮਲੇ ਨਾਲ ਜੁੜੇ ਹੋਰ ਪਹਿਲੂਆਂ ਦੀ ਵੀ ਪੜਤਾਲ ਕੀਤੀ ਜਾਵੇਗੀ। ਪੁਲਿਸ ਨੇ ਕਿਹਾ ਕਿ ਜਾਂਚ ਅੱਗੇ ਵਧਣ ਦੇ ਨਾਲ ਇਸ ਮਾਮਲੇ ਵਿੱਚ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243